ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 1ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੬ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅਜਨਾਲਾ ਥਾਣੇ 'ਤੇ ਹੋਏ ਹਮਲੇ ਦਾ ਕੇਸ ਅੰਮ੍ਰਿਤਸਰ ਸ਼ਿਫਟ, ਅੰਮ੍ਰਿਤਪਾਲ ਸਿੰਘ ਦੇ ਸਾਥੀ ਜ਼ਿਲ੍ਹਾ ਅਦਾਲਤ 'ਚ ਹੋਣਗੇ ਪੇਸ਼

**ਅੰਮ੍ਰਿਤਸਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਜਨਾਲਾ ਥਾਣੇ 'ਤੇ ਹਮਲੇ ਦੇ ਢਾਈ ਸਾਲ ਬਾਅਦ ਮਾਮਲੇ ਦੀ ਸੁਣਵਾਈ ਹੁਣ ਅੰਮ੍ਰਿਤਸਰ ਦੀ ਜ਼ਿਲ੍ਹਾ ਅਦਾਲਤ ਵਿੱਚ ਹੋਵੇਗੀ। ਹੁਣ ਮਾਮਲੇ ਨੂੰ ਅਜਨਾਲਾ ਅਦਾਲਤ ਤੋਂ ਅੰਮ੍ਰਿਤਸਰ ਸ਼ਿਫਟ ਕਰ ਦਿੱਤਾ ਗਿਆ ਹੈ। ਜਿਸ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਦੇ ਸਾਰੇ 9 ਸਾਥੀਆਂ ਸਮੇਤ ਕੁੱਲ 39 ਮੁਲਜ਼ਮਾਂ ਨੂੰ ਅੱਜ ਅਦਾਲਤ ਵਿੱਚ ਪੇਸ਼ ਹੋਣ ਦੇ ਹੁਕਮ ਦਿੱਤੇ ਗਏ ਹਨ। ਇਹ ਸੁਣਵਾਈ ਅਜਨਾਲਾ ਪੁਲਿਸ ਸਟੇਸ਼ਨ ਵਿੱਚ ਦਰਜ ਐਫਆਈਆਰ ਨੰਬਰ 39/2023 ਤਹਿਤ ਚੱਲ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ, ਮੁਲਜ਼ਮਾਂ ਨੂੰ ਮਾਮਲੇ ਵਿੱਚ ਚਾਰਜ ਫਰੇਮਿੰਗ ਸਬੰਧੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਮਾਣਯੋਗ ਜੱਜ ਨੇ ਸਾਰੇ ਮੁਲਜ਼ਮਾਂ ਨੂੰ ਸਰੀਰਕ ਤੌਰ 'ਤੇ ਅਦਾਲਤ ਵਿੱਚ ਪੇਸ਼ ਕਰਨ ਦੇ ਹੁਕਮ ਦਿੱਤੇ ਹਨ। ਜਾਣਕਾਰੀ ਦਿੰਦੇ ਹੋਏ ਐਡਵੋਕੇਟ ਰਿਤੂ ਰਾਜ ਨੇ ਦੱਸਿਆ ਕਿ ਅੱਜ ਕੁੱਲ 39 ਨਾਮਜ਼ਦ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। 23 ਫਰਵਰੀ ਨੂੰ 'ਵਾਰਿਸ ਪੰਜਾਬ ਦੇ' ਦੇ ਮੁਖੀ ਅੰਮ੍ਰਿਤਪਾਲ ਸਿੰਘ ਨੇ ਆਪਣੇ ਸਮਰਥਕਾਂ ਨਾਲ ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲਾ ਕੀਤਾ। ਇਸ ਮਾਮਲੇ ਵਿੱਚ ਐਫਆਈਆਰ ਨੰਬਰ 39 ਦਰਜ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਐਨਐਸਏ ਅਧੀਨ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਹੈ। ਦੋ ਸਾਲਾਂ ਤੱਕ ਅੰਮ੍ਰਿਤਪਾਲ 9 ਸਾਥੀਆਂ ਨਾਲ ਡਿਬਰੂਗੜ੍ਹ ਵਿੱਚ ਜੇਲ੍ਹ ਵਿੱਚ ਬੰਦ ਸੀ। ਪਰ, ਤਿੰਨ ਮਹੀਨੇ ਪਹਿਲਾਂ, ਉਨ੍ਹਾਂ ਦੇ 9 ਸਾਥੀਆਂ ਤੋਂ ਐਨਐਸਏ ਹਟਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਨੂੰ ਪੰਜਾਬ ਲਿਆਂਦਾ ਗਿਆ ਸੀ, ਪਰ ਅੰਮ੍ਰਿਤਪਾਲ ਸਿੰਘ ਦੀ ਐਨਐਸਏ ਤੀਜੀ ਵਾਰ ਵਧਾਇਆ ਗਿਆ। ਕਈ ਵਾਰ ਉਨ੍ਹਾਂ ਨੇ ਐਨਐਸਏ ਹਟਾਉਣ ਲਈ ਕੋਰਟ ਦਾ ਦਰਵਾਜ਼ਾ ਖੜਕਾਇਆ ਪਰ ਉਨ੍ਹਾਂ ਨੂੰ ਰਾਹਤ ਨਹੀਂ ਮਿਲੀ।

# ਮਾਲੇਗਾਓਂ ਬੰਬ ਧਮਾਕੇ ਮਾਮਲੇ ਵਿੱਚ ਸਾਧਵੀ ਪ੍ਰਗਿਆ ਠਾਕੁਰ ਅਤੇ ਕਰਨਲ ਪੁਰੋਹਿਤ ਸਮੇਤ ਸਾਰੇ ਮੁਲਜ਼ਮ ਬਰੀ

**ਨਵੀਂ ਦਿੱਲੀ 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਮਾਲੇਗਾਓਂ ਬੰਬ ਧਮਾਕੇ ਮਾਮਲੇ ਵਿੱਚ 17 ਸਾਲਾਂ ਬਾਅਦ ਵੱਡਾ ਫੈਸਲਾ ਆਇਆ ਹੈ। ਐਨਆਈਏ ਦੀ ਵਿਸ਼ੇਸ਼ ਅਦਾਲਤ ਨੇ ਬੁੱਧਵਾਰ ਨੂੰ ਸਾਧਵੀ ਪ੍ਰਗਿਆ ਠਾਕੁਰ ਅਤੇ ਕਰਨਲ ਪੁਰੋਹਿਤ ਸਮੇਤ ਸਾਰੇ ਸੱਤ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਜਾਂਚ ਏਜੰਸੀਆਂ ਦੋਸ਼ਾਂ ਨੂੰ ਸਾਬਤ



ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀਆਂ ਅਤੇ ਸਬੂਤਾਂ ਦੀ ਅਣਹੋਂਦ ਵਿੱਚ ਕਿਸੇ ਨੂੰ ਵੀ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਜਿਕਰਯੋਗ ਹੈ ਕਿ 29 ਸਤੰਬਰ 2008 ਨੂੰ ਮਹਾਰਾਸ਼ਟਰ ਦੇ ਮਾਲੇਗਾਓਂ ਵਿੱਚ ਇੱਕ ਧਮਾਕਾ ਹੋਇਆ ਸੀ, ਜਿਸ ਵਿੱਚ 6 ਲੋਕਾਂ ਦੀ ਮੌਤ ਹੋ ਗਈ ਸੀ ਅਤੇ 100 ਤੋਂ ਵੱਧ ਜ਼ਖਮੀ ਹੋ ਗਏ ਸਨ। ਮਾਮਲੇ ਦੀ ਸ਼ੁਰੂਆਤੀ ਜਾਂਚ ਮਹਾਰਾਸ਼ਟਰ ਏਟੀਐਸ ਨੇ ਕੀਤੀ ਸੀ, ਪਰ 2011 ਵਿੱਚ ਇਹ ਮਾਮਲਾ ਐਨਆਈਏ ਨੂੰ ਸੌਂਪ ਦਿੱਤਾ ਗਿਆ ਸੀ। ਐਨਆਈਏ ਨੇ 2016 ਵਿੱਚ ਚਾਰਜਸ਼ੀਟ ਦਾਇਰ ਕੀਤੀ ਸੀ। ਅਦਾਲਤ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਐਨਆਈਏ ਇਹ ਸਾਬਤ ਨਹੀਂ ਕਰ ਸਕੀ ਕਿ ਧਮਾਕੇ ਵਿੱਚ ਵਰਤੀ ਗਈ ਬਾਈਕ ਸਾਧਵੀ ਪ੍ਰਗਿਆ ਦੀ ਸੀ। ਬਾਈਕ ਦਾ ਚੈਸੀ ਨੰਬਰ ਵੀ ਨਹੀਂ ਮਿਲ ਸਕਿਆ। ਅਦਾਲਤ ਨੇ ਇਹ ਵੀ ਕਿਹਾ ਕਿ ਕਰਨਲ ਪੁਰੋਹਿਤ ਵਿਰੁੱਧ ਕੋਈ ਠੋਸ ਸਬੂਤ ਨਹੀਂ ਮਿਲਿਆ ਕਿ ਉਸਨੇ ਬੰਬ ਬਣਾਇਆ ਜਾਂ ਸਪਲਾਈ ਕੀਤਾ। ਅਦਾਲਤ ਨੇ ਇਹ ਵੀ ਮੰਨਿਆ ਕਿ ਜਾਂਚ ਦੌਰਾਨ ਸਬੂਤਾਂ ਨਾਲ ਛੇੜਛਾੜ ਕੀਤੀ ਗਈ ਸੀ, ਅਤੇ ਘਟਨਾ ਵਾਲੀ ਥਾਂ ਤੋਂ ਸਹੀ ਫੋਰੈਂਸਿਕ ਸਬੂਤ ਇਕੱਠੇ ਨਹੀਂ ਕੀਤੇ ਗਏ ਸਨ। ਮਾਮਲੇ ਅੰਦਰ ਚਸ਼ਮਦੀਦਾਂ ਦੇ ਬਿਆਨ ਵੀ ਬਦਲਦੇ ਰਹੇ ਸਨ । ਅਦਾਲਤ ਨੇ ਕਿਹਾ ਕਿ ਅੱਤਵਾਦ ਦਾ ਕੋਈ ਧਰਮ ਜਾਂ ਰੰਗ ਨਹੀਂ ਹੁੰਦਾ। ਇਸ ਮਾਮਲੇ ਵਿੱਚ ਮੁਲਜ਼ਮਾਂ ਵਿੱਚ ਸਾਧਵੀ ਪ੍ਰਗਿਆ, ਕਰਨਲ ਪੁਰੋਹਿਤ, ਅਜੈ ਰਹੀਰਕਰ, ਰਮੇਸ਼ ਉਪਾਧਿਆਏ, ਸੁਧਾਕਰ ਚਤੁਰਵੇਦੀ, ਸਮੀਰ ਕੁਲਕਰਨੀ ਅਤੇ ਸੁਧਾਕਰਧਰ ਦਿਵੇਦੀ ਸ਼ਾਮਲ ਹਨ। ਅਦਾਲਤ ਨੇ ਪੀੜਤਾਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਵੀ ਹੁਕਮ ਦਿੱਤਾ ਹੈ। ਤੁਹਾਨੂੰ ਦੱਸ ਦੇਈਏ ਕਿ ਸਾਧਵੀ ਪ੍ਰਗਿਆ ਇਸ ਮਾਮਲੇ ਵਿੱਚ ਅੱਠ ਸਾਲ ਜੇਲ੍ਹ ਵਿੱਚ ਸੀ ਅਤੇ ਉਸਨੂੰ 2017 ਵਿੱਚ ਬੰਬੇ ਹਾਈ ਕੋਰਟ ਤੋਂ ਜ਼ਮਾਨਤ ਮਿਲ ਗਈ ਸੀ। ਬਾਅਦ ਵਿੱਚ ਉਹ ਭੋਪਾਲ ਤੋਂ ਭਾਜਪਾ ਦੀ ਸੰਸਦ ਮੈਂਬਰ ਵੀ ਬਣੀ। 17 ਸਾਲਾਂ ਦੀ ਕਾਨੂੰਨੀ ਲੜਾਈ ਤੋਂ ਬਾਅਦ, ਹੁਣ ਸਾਰੇ ਦੋਸ਼ੀਆਂ ਨੂੰ ਬਰੀ ਕੀਤਾ ਗਿਆ ਹੈ। ਇਸ ਦੌਰਾਨ ਪੀੜਿਤ ਧਿਰ ਵਲੋਂ ਵਕੀਲ ਨੇ ਇਸ ਫੈਸਲੇ ਨੂੰ ਹਾਈ ਕੋਰਟ ਅੰਦਰ ਚੁਣੌਤੀ ਦੇਣ ਵਾਸਤੇ ਕਿਹਾ ਹੈ ।

## ਸੁਖਪਾਲ ਖਹਿਰਾ ਦੀਆਂ ਵਧੀਆਂ ਮੁਸ਼ਕਲਾਂ, ਮੁੱਖ ਮੰਤਰੀ ਦੇ ਓ. ਐਸ. ਡੀ. ਨੇ ਠੋਕਿਆ ਮਾਣਹਾਨੀ ਦਾ ਕੇਸ, ਅਦਾਲਤ ਨੇ ਜਾਰੀ ਕੀਤੇ ਸਖ਼ਤ ਹੁਕਮ



**ਚੰਡੀਗੜ੍ਹ 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਦੀਆਂ ਮੁਸ਼ਕਿਲਾਂ ਦਿਨੋ-ਦਿਨ ਵਧਦੀਆਂ ਜਾ ਰਹੀਆਂ ਹਨ। ਸੀਐਮ ਦੇ ਓਐਸਡੀ ਰਾਜਬੀਰ ਸਿੰਘ ਨੇ ਸੁਖਪਾਲ ਖਹਿਰਾ ਖ਼ਿਲਾਫ਼ ਅਦਾਲਤ 'ਚ ਮਾਨਹਾਨੀ ਦਾ ਕੇਸ ਕੀਤਾ ਹੈ। ਰਾਜਬੀਰ ਸਿੰਘ ਦਾ ਦੋਸ਼ ਹੈ ਕਿ ਖਹਿਰਾ ਨੇ ਉਨ੍ਹਾਂ 'ਤੇ ਬੇਬੁਨਿਆਦ ਇਲਜਾਮ ਲਾਏ ਹਨ। ਇਸ ਦੇ ਨਾਲ ਹੀ ਅਦਾਲਤ ਵੱਲੋਂ ਖਹਿਰਾ ਨੂੰ ਇਸ ਮਾਮਲੇ 'ਚ ਕੋਈ ਵੀ ਬਿਆਨ ਦੇਣ 'ਤੇ ਰੋਕ ਲਾਈ ਗਈ ਹੈ। ਅਦਾਲਤ ਨੇ ਖਹਿਰਾ ਨੂੰ ਰੇਸਟਰੈਨਿੰਗ ਆਰਡਰ ਜਾਰੀ ਕਰਕੇ ਨੋਟਿਸ ਭੇਜਿਆ ਹੈ ਅਤੇ 11 ਅਗਸਤ ਨੂੰ ਅਦਾਲਤ 'ਚ ਪੇਸ਼ ਹੋਣ ਦਾ ਹੁਕਮ ਦਿੱਤਾ ਹੈ। ਜ਼ਿਕਰ ਕਰ ਦਈਏ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਰਾਜਬੀਰ ਸਿੰਘ ਨੇ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਮਾਣਹਾਨੀ ਦਾ ਕਾਨੂੰਨੀ ਨੋਟਿਸ ਭੇਜਿਆ ਸੀ, ਜਿਸ ਵਿੱਚ 72 ਘੰਟਿਆਂ ਦੇ ਅੰਦਰ ਜਨਤਕ ਅਤੇ ਲਿਖਤੀ ਮੁਆਫ਼ੀ ਮੰਗਣ ਦੀ ਮੰਗ ਕੀਤੀ ਸੀ। ਰਾਜਬੀਰ ਸਿੰਘ ਦਾ ਕਹਿਣਾ ਸੀ ਕਿ ਖਹਿਰਾ ਨੇ ਉਨ੍ਹਾਂ ਵਿਰੁੱਧ ਝੂਠੇ, ਬੇਬੁਨਿਆਦ ਅਤੇ ਮਨਘੜਤ ਦੋਸ਼ ਲਗਾਏ ਹਨ, ਜਿਸ ਨਾਲ ਉਨ੍ਹਾਂ ਦਾ ਅਕਸ ਖਰਾਬ ਹੋਇਆ ਹੈ। ਉਨ੍ਹਾਂ ਚੇਤਾਵਨੀ ਦਿੱਤੀ ਸੀ ਕਿ ਜੇਕਰ ਸੋਮਵਾਰ ਤੱਕ ਮੁਆਫ਼ੀ ਨਾ ਮੰਗੀ ਗਈ ਤਾਂ ਉਹ ਕਾਨੂੰਨੀ ਕਾਰਵਾਈ ਕਰਨਗੇ। ਇਹ ਮਾਮਲਾ ਅਜਿਹੇ ਸਮੇਂ ਸਾਹਮਣੇ ਆਇਆ ਸੀ ਜਦੋਂ ਖਹਿਰਾ ਲਗਾਤਾਰ 'ਆਪ' ਸਰਕਾਰ ਅਤੇ ਮੁੱਖ ਮੰਤਰੀ ਮਾਨ ਨੂੰ ਨਿਸ਼ਾਨਾ ਬਣਾ ਰਹੇ ਹਨ। ਦੱਸ ਦਈਏ ਕਿ ਸੁਖਪਾਲ ਖਹਿਰਾ ਨੇ ਹਾਲ ਹੀ ਵਿੱਚ ਪੰਜਾਬ ਪੁਲਿਸ ਲਈ ਖਰੀਦੀਆਂ ਗਈਆਂ 144 ਟੋਇਟਾ ਹਾਈਲਕਸ ਗੱਡੀਆਂ ਨੂੰ ਲੈਕੇ ਸਰਕਾਰ 'ਤੇ ਲਗਭਗ 15 ਤੋਂ 20 ਕਰੋੜ ਰੁਪਏ ਦੇ ਨੁਕਸਾਨ ਦਾ ਦੋਸ਼ ਲਗਾਇਆ ਸੀ। ਉਨ੍ਹਾਂ ਕਿਹਾ ਕਿ ਥੋਕ ਵਿੱਚ ਖਰੀਦੀਆਂ ਗਈਆਂ ਗੱਡੀਆਂ ਦੇ ਬਾਵਜੂਦ ਗੱਡੀਆਂ 'ਤੇ ਕੋਈ ਛੋਟ ਨਹੀਂ ਲਈ ਗਈ, ਜਿਸ ਤੋਂ ਪਤਾ ਲੱਗਦਾ ਹੈ ਕਿ ਇਹ ਇੱਕ ਵੱਡਾ ਘੁਟਾਲਾ ਹੈ। ਉਨ੍ਹਾਂ ਟਵੀਟ ਕਰਕੇ ਕਿਹਾ, ਅਸੀਂ ਸਮਝ ਸਕਦੇ ਹਾਂ ਕਿ ਭਗਵੰਤ ਮਾਨ, ਅਰਵਿੰਦ ਕੇਜਰੀਵਾਲ, ਆਮ ਆਦਮੀ ਪਾਰਟੀ ਅਤੇ ਪੰਜਾਬ ਪੁਲਿਸ ਇਸ ਸ਼ੱਕੀ ਖਰੀਦ 'ਤੇ ਚੁੱਪ ਕਿਉਂ ਹਨ, ਪਰ ਮੁੱਖ ਧਾਰਾ ਮੀਡੀਆ ਵੀ ਕਿਉਂ ਚੁੱਪ ਹੈ ? ਕੀ ਉਹ ਵੀ ਇਸ ਘੁਟਾਲੇ ਵਿੱਚ ਭਾਈਵਾਲ ਹੈ ?

## 24 ਘੰਟਿਆਂ 'ਚ 125 ਭੂਚਾਲ ! ਫੱਟ ਗਿਆ ਜਵਾਲਾਮੁਖੀ, ਭਾਰੀ ਤਬਾਹੀ ਦਾ ਖ਼ਤਰਾ !



**ਨਵੀਂ ਦਿੱਲੀ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰੂਸ ਵਿੱਚ ਕੁਦਰਤੀ ਆਫ਼ਤਾਂ ਦਾ ਕਹਿਰ ਲਗਾਤਾਰ ਵੱਧ ਰਿਹਾ ਹੈ। ਬੁੱਧਵਾਰ ਨੂੰ ਕਾਮਚਟਕਾ ਪ੍ਰਾਇਦੀਪ ਅਤੇ ਕੁਰਿਲ ਟਾਪੂਆਂ ਵਿੱਚ ਰਿਕਾਰਡ 8.8 ਤੀਬਰਤਾ ਦਾ ਸ਼ਕਤੀਸ਼ਾਲੀ ਭੂਚਾਲ ਦਰਜ ਕੀਤਾ ਗਿਆ, ਜਦੋਂ ਕਿ ਵੀਰਵਾਰ ਨੂੰ ਕੁਰਿਲ ਟਾਪੂਆਂ 'ਚ 6.5 ਤੀਬਰਤਾ ਦਾ ਨਵਾਂ ਭੂਚਾਲ ਆਇਆ। ਨੈਸ਼ਨਲ ਸੈਂਟਰ ਫਾਰ ਸੀਸਮੋਲੋਜੀ (ਐੱਨਸੀਐੱਸ) ਦੇ ਅਨੁਸਾਰ, ਵੀਰਵਾਰ ਸਵੇਰੇ ਭਾਰਤੀ ਸਮੇਂ ਅਨੁਸਾਰ 10:57 ਵਜੇ ਆਇਆ। ਇਹ ਭੂਚਾਲ ਜ਼ਮੀਨ ਤੋਂ ਸਿਰਫ਼ 10 ਕਿਲੋਮੀਟਰ ਦੀ ਡੂੰਘਾਈ 'ਤੇ ਸੀ, ਜਿਸ ਕਾਰਨ ਇਹ ਝਟਕੇ ਹੋਰ ਵੀ ਖ਼ਤਰਨਾਕ ਸਾਬਤ ਹੋਏ। ਬੁੱਧਵਾਰ ਨੂੰ ਆਏ 8.8 ਤੀਬਰਤਾ ਦੇ ਭੂਚਾਲ ਦੇ ਝਟਕੇ ਦੁਨੀਆ ਦੇ ਸਭ ਤੋਂ ਸ਼ਕਤੀਸ਼ਾਲੀ ਭੂਚਾਲਾਂ 'ਚੋਂ ਇੱਕ ਬਣ ਗਏ ਹਨ। ਇਸ ਤੋਂ ਬਾਅਦ, ਸੁਨਾਮੀ ਦੀਆਂ ਉੱਚੀਆਂ ਲਹਿਰਾਂ ਰੂਸ, ਜਾਪਾਨ, ਚੀਨ ਅਤੇ ਅਮਰੀਕਾ ਤੱਕ ਪਹੁੰਚੀਆਂ। ਇਨ੍ਹਾਂ ਲਹਿਰਾਂ ਦੀ ਉਚਾਈ ਰੂਸ ਵਿੱਚ ਲਗਭਗ 4 ਮੀਟਰ ਅਤੇ ਅਮਰੀਕਾ ਵਿੱਚ 1 ਮੀਟਰ ਦਰਜ ਕੀਤੀ ਗਈ। ਇੰਨਾ ਹੀ ਨਹੀਂ, ਕਾਮਚਟਕਾ ਪ੍ਰਾਇਦੀਪ 'ਤੇ ਭੂਚਾਲ ਤੋਂ ਕੁਝ ਘੰਟਿਆਂ ਬਾਅਦ ਕਲਿਊਚੇਵਸਕਾਇਆ ਸੋਪਕਾ ਨਾਮਕ ਇੱਕ ਸਰਗਰਮ ਜਵਾਲਾਮੁਖੀ ਵੀ ਫਟਿਆ। ਇਸ ਨੇ ਲਗਭਗ 3 ਕਿਲੋਮੀਟਰ ਦੀ ਉਚਾਈ ਤੱਕ ਸੁਆਹ ਦਾ ਗੁਬਾਰ ਛੱਡਿਆ। ਰੂਸੀ ਅਕੈਡਮੀ ਆਫ਼ ਸਾਇੰਸਜ਼ ਦੇ ਅਨੁਸਾਰ, ਇਸ ਜਵਾਲਾਮੁਖੀ 'ਚ ਪਿਛਲੇ ਕਈ ਦਿਨਾਂ ਤੋਂ ਗਤੀਵਿਧੀਆਂ ਵੇਖੀਆਂ ਜਾ ਰਹੀਆਂ ਸਨ। ਅਮਰੀਕੀ ਭੂ-ਵਿਗਿਆਨਕ ਸਰਵੇਖਣ ਦੇ ਅਨੁਸਾਰ, ਮੁੱਖ ਝਟਕੇ ਤੋਂ ਬਾਅਦ ਪਿਛਲੇ 24 ਘੰਟਿਆਂ ਵਿੱਚ ਇਸ ਖੇਤਰ ਵਿੱਚ 125 ਤੋਂ ਵੱਧ ਝਟਕੇ ਦਰਜ ਕੀਤੇ ਗਏ ਹਨ। ਇਨ੍ਹਾਂ ਵਿੱਚੋਂ ਤਿੰਨ ਝਟਕਿਆਂ ਦੀ ਤੀਬਰਤਾ 6.0 ਤੋਂ ਉੱਪਰ ਸੀ। ਬੁੱਧਵਾਰ ਸਵੇਰੇ 11 ਵਜੇ ਦੇ ਕਰੀਬ 6.4 ਤੀਬਰਤਾ ਦਾ ਇੱਕ ਵੱਡਾ ਝਟਕਾ ਵੀ ਆਇਆ। ਭੂਚਾਲ ਦੌਰਾਨ, ਰੂਸ ਦੇ ਕਈ ਹਸਪਤਾਲਾਂ ਦੇ ਆਪ੍ਰੇਸ਼ਨ ਥੀਏਟਰ ਕੰਬ ਗਏ, ਫਿਰ ਵੀ ਡਾਕਟਰਾਂ ਨੇ ਸਰਜਰੀ ਜਾਰੀ ਰੱਖੀ। ਇਸ ਦੇ ਨਾਲ ਹੀ, ਜਾਪਾਨ ਦੇ ਤੱਟ 'ਤੇ ਬਹੁਤ ਸਾਰੀਆਂ ਵ੍ਹੇਲ ਮੱਛੀਆਂ ਕੰਢੇ ਤੱਕ ਵਹਿ ਗਈਆਂ। ਇਸ ਸਮੇਂ, ਕਿਸੇ ਵੱਡੇ ਨੁਕਸਾਨ ਜਾਂ ਜਾਨ-ਮਾਲ ਦੇ ਨੁਕਸਾਨ ਦੀ ਪੁਸ਼ਟੀ ਨਹੀਂ ਹੋਈ ਹੈ, ਪਰ ਵਿਗਿਆਨੀਆਂ ਨੇ ਝਟਕਿਆਂ ਅਤੇ ਜਵਾਲਾਮੁਖੀ ਫਟਣ ਤੋਂ ਹੋਰ ਖ਼ਤਰੇ ਦਾ ਖਦਸ਼ਾ ਪ੍ਰਗਟ ਕੀਤਾ ਹੈ।

## ਏਆਈ ਟੂਲਸ ਰਾਹੀਂ ਗੁਰਬਾਣੀ, ਸਿੱਖ ਇਤਿਹਾਸ ਤੇ ਗੁਰਮਤਿ ਦੀ ਗ਼ਲਤ ਜਾਣਕਾਰੀ ਦੇਣ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

**ਨਵੀਂ ਦਿੱਲੀ, 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਵੱਲੋਂ ਮਿਲ ਰਹੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਟੂਲਸ ਨਾਲ ਗੁਰਬਾਣੀ, ਸਿੱਖ ਇਤਿਹਾਸ ਤੇ ਗੁਰਮਤਿ ਦੀ ਗ਼ਲਤ ਜਾਣਕਾਰੀ ਦੇਣ ਦਾ ਨੋਟਿਸ ਲੈਂਦਿਆਂ ਵੱਖ-ਵੱਖ ਏਆਈ ਪਲੇਟਫਾਰਮਾਂ ਨੂੰ ਈਮੇਲ ਪੱਤਰ ਭੇਜ ਕੇ ਇਤਰਾਜ਼ ਪ੍ਰਗਟ ਕੀਤਾ ਹੈ। ਜਿਨ੍ਹਾਂ ਏਆਈ ਪਲੇਟਫਾਰਮਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਲਿਖਿਆ ਗਿਆ ਹੈ, ਉਨ੍ਹਾਂ ਵਿਚ ਚੈਟ ਜੀਪੀਟੀ, ਡੀਪਸੀਕ, ਗਰੋਕ, ਜੇਮਿਨੀ ਏਆਈ, ਮੈਟਾ, ਗੂਗਲ, ਵੀਓ 3, ਡਿਸਕਰਿਪਟ, ਰਨਵੇਅ ਐਮਐਲ, ਪਿਕਟੋਰੀ, ਮਜਿਸਟੋ, ਇਨਵੀਡਿਓ, ਡੈਲ-ਈ 2, ਮਿਡਜਰਨੀ, ਡੀਪਏਆਈ ਅਤੇ ਹੋਰ ਸ਼ਾਮਲ ਹਨ। ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੀਆਂ ਆਪਣੀਆਂ ਮੌਲਿਕ ਪ੍ਰੰਪਰਾਵਾਂ ਹਨ, ਜਿਨ੍ਹਾਂ ਵਿਚ ਤਬਦੀਲੀ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਤਕਨੀਕ ਦੇ ਯੁੱਗ ਵਿਚ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਸਿੱਖ ਗੁਰੂ ਸਾਹਿਬਾਨ ਦੇ ਇਤਿਹਾਸ ਤੇ ਤਸਵੀਰਾਂ ਨਾਲ



ਛੇੜਛਾੜ ਕਰਕੇ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਦੀਆਂ ਕੋਝੀਆਂ ਹਰਕਤਾਂ ਨਾਲ ਸਿੱਖ ਹਿਰਦਿਆਂ ਨੂੰ ਗਹਿਰੀ ਸੱਟ ਵੱਜ ਰਹੀ ਹੈ। ਸਿੱਖਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਰਬਉੱਚ ਹਨ, ਜਿਸ ਅੰਦਰ ਦਰਜ ਗੁਰਬਾਣੀ ਨਾਲ ਕਿਸੇ ਤਰ੍ਹਾਂ ਦੀ ਛੇੜਛਾੜ ਨਹੀਂ ਹੋ ਸਕਦੀ, ਪ੍ਰੰਤੂ ਅਜਿਹੀਆਂ ਐਪਸ ਗੁਰਬਾਣੀ ਦੀਆਂ ਪਾਵਨ ਪੰਗਤੀਆਂ ਨੂੰ ਗ਼ਲਤ ਤਰੀਕੇ ਨਾਲ ਦਰਸਾ ਰਹੀਆਂ ਹਨ, ਜੋ ਗੁਰਬਾਣੀ ਦੀ ਬੇਅਦਬੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਨੂੰ ਕਈ ਇਤਰਾਜ਼ ਪ੍ਰਗਟ ਹੋਏ ਹਨ, ਜਿਸ ਦੇ ਮੱਦੇਨਜ਼ਰ ਏਆਈ ਪਲੇਟਫਾਰਮਾਂ ਨੂੰ ਈਮੇਲ ਪੱਤਰ ਭੇਜ ਕੇ ਗ਼ਲਤ ਜਾਣਕਾਰੀਆਂ 'ਤੇ ਰੋਕ ਲਗਾਉਣ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਏਆਈ ਪਲੇਟਫਾਰਮਾਂ 'ਤੇ ਅਜਿਹ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਰਾਹੀਂ ਸਤਿਕਾਰਯੋਗ ਸਿੱਖ ਧਾਰਮਿਕ ਸ਼ਖ਼ਸੀਅਤਾਂ, ਪਾਵਨ ਗ੍ਰੰਥਾਂ ਅਤੇ ਸਿੱਖ ਪ੍ਰਤੀਕਾਂ ਨੂੰ ਗ਼ਲਤ ਤਰੀਕੇ ਨਾਲ ਪੇਸ਼ ਕੀਤਾ ਜਾ ਰਿਹਾ ਹੈ। ਨੌਜੁਆਨ ਪੀੜ੍ਹੀ ਤਕਨਾਲੋਜੀ ਦੀ ਵਰਤੋਂ ਜਰੀਏ ਆਪਣੇ ਇਤਿਹਾਸ, ਪ੍ਰੰਪਰਾਵਾਂ ਅਤੇ ਮਾਨਤਾਵਾਂ ਨੂੰ ਜਾਣਨ ਦਾ ਯਤਨ ਕਰਦੀ ਹੈ, ਪ੍ਰੰਤੂ ਏਆਈ ਦੁਆਰਾ ਉਨ੍ਹਾਂ ਨੂੰ ਮਿਲ ਰਹੀ ਅਧੂਰੀ ਤੇ ਗ਼ਲਤ ਜਾਣਕਾਰੀ ਧਰਮ ਦੇ ਸਿਧਾਂਤਾਂ ਨੂੰ ਸੱਟ ਮਾਰਨ ਵਾਲੀ ਸਾਬਤ ਹੋ ਰਹੀ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਕਈ ਗੁਰਬਾਣੀ ਐਪਸ 'ਤੇ ਵੀ ਗੁਰਬਾਣੀ ਸ਼ੁੱਧ ਰੂਪ ਵਿਚ ਨਹੀਂ ਹੈ, ਜਿਸ ਬਾਰੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਹੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਬੇਹੱਦ ਸੰਜੀਦਾ ਮਾਮਲਾ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਖੇਤਰ ਵਿਚ ਕੰਮ ਕਰ ਰਹੇ ਲੋਕਾਂ ਅਤੇ ਸੰਸਥਾਵਾਂ ਦਾ ਵੀ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀਆਂ ਐਪਸ ਤੋਂ ਅਧੂਰੀ ਜਾਣਕਾਰੀ ਨਾ ਲੈਣ, ਸਗੋਂ ਸਿੱਖ ਇਤਿਹਾਸ ਅਤੇ ਪ੍ਰੰਪਰਾਵਾਂ ਸਬੰਧੀ ਇਤਿਹਾਸਕ ਸਰੋਤਾਂ ਦੀ ਹੀ ਵਰਤੋਂ ਕਰਨ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਵੀ ਅਪੀਲ ਕੀਤੀ ਕਿ ਇਸ ਸੰਜੀਦਾ ਮਸਲੇ ਪ੍ਰਤੀ ਗੰਭੀਰਤਾ ਦਿਖਾਉਂਦਿਆਂ ਸਰਕਾਰੀ ਤੌਰ 'ਤੇ ਵੀ ਨੋਟਿਸ ਲਿਆ ਜਾਵੇ ਅਤੇ ਕੋਈ ਠੋਸ ਨੀਤੀ ਬਣਾ ਕੇ ਅਜਿਹੇ ਚਲਣ ਨੂੰ ਰੋਕਣ ਲਈ ਪ੍ਰਬੰਧ ਕੀਤੇ ਜਾਣ।

## ਪੰਜ ਤੱਤਾਂ 'ਚ ਵਿਲੀਨ ਹੋਏ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਜੀਜਾ ਗੁਰਵਿੰਦਰ ਸਿੰਘ, ਵੱਖ-ਵੱਖ ਸਖ਼ਸ਼ੀਅਤਾਂ ਨੇ ਦਿੱਤੀਆਂ ਸ਼ਰਧਾਂਜਲੀਆਂ



**ਅੰਮ੍ਰਿਤਸਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੀਜਾ ਅਤੇ ਪੰਜਾਬ ਪੁਲਿਸ ਦੇ ਏ.ਐੱਸ.ਆਈ ਗੁਰਵਿੰਦਰ ਸਿੰਘ ਦਾ ਸਸਕਾਰ ਅੱਜ ਦੁਪਹਿਰ 12:30 ਵਜੇ ਸਨਮਾਨ ਨਾਲ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਦੇ ਨੇੜੇ ਸਥਿਤ ਸ਼ਮਸ਼ਾਨ ਘਾਟ ਵਿੱਚ ਹੋਇਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਡਲਜੀਤ ਸਿੰਘ ਚੀਮਾ ਵੱਖ-ਵੱਖ ਸਿੱਖ ਸਖ਼ਸ਼ੀਅਤਾਂ ਨੇ ਸਸਕਾਰ ਮੌਕੇ ਪੁੱਜ ਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਤਰਨ ਤਾਰਨ ਸ਼ਹਿਰ ਪੁਲਿਸ ਵੱਲੋਂ ਬੀਤੇ ਦਿਨ ਤਰਨ ਤਾਰਨ ਜ਼ਿਲ੍ਹਾ ਹਸਪਤਾਲ ਵਿਖੇ ਪੋਸਟ ਮਾਰਟਮ ਤੋਂ ਬਾਅਦ ਗੁਰਵਿੰਦਰ ਸਿੰਘ ਦਾ ਸਰੀਰ ਉਨ੍ਹਾਂ ਦਾ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ ਸੀ, ਜਿਸ ਉਪਰੰਤ ਅੱਜ ਉਨ੍ਹਾਂ ਦਾ ਸਸਕਾਰ ਕੀਤਾ ਗਿਆ। ਅੱਜ ਸਵੇਰੇ ਗੁਰਵਿੰਦਰ ਸਿੰਘ ਦਾ ਸ਼ਰੀਰ ਉਨ੍ਹਾਂ ਦੀ ਭਾਈ ਮੰਝ ਰੋਡ ਸਥਿਤ ਰਿਹਾਇਸ਼ ਤੋਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਐਂਬੂਲੈਂਸ ਰਾਹੀਂ ਸ਼ਮਸ਼ਾਨ ਘਾਟ ਲਿਆਂਦਾ ਗਿਆ। ਇਸ ਤੋਂ ਪਹਿਲਾਂ ਉਨ੍ਹਾਂ ਦਾ ਘਰੇ ਅੰਮ੍ਰਿਤ ਵੇਲੇ ਤੋਂ ਹੀ ਗੁਰਬਾਣੀ ਅਤੇ ਕੀਰਤਨ ਦਾ ਪ੍ਰਵਾਹ ਚੱਲਦਾ ਰਿਹਾ, ਜਿਸ ਵਿੱਚ ਵੱਖ-ਵੱਖ ਰਾਗੀ ਜਥਿਆਂ ਨੇ ਸੋਗਮਈ ਪਰਿਵਾਰ ਨੂੰ ਗੁਰਬਾਣੀ ਅਤੇ ਗੁਰੂ ਜਸ ਨਾਲ ਜੋੜਿਆ। ਸ਼ਮਸ਼ਾਨਘਾਟ ਵਿਖੇ ਪਹੁੰਚਣ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਆ ਸਿੰਘ ਭਾਈ ਪ੍ਰੇਮ ਸਿੰਘ ਨੇ ਜਪੁਜੀ ਸਾਹਿਬ ਦੀ ਬਾਣੀ ਦਾ ਪਾਠ ਕੀਤਾ, ਜਿਸ ਨੂੰ ਹਾਜ਼ਰ ਸੰਗਤ ਨੇ ਸਰਵਣ ਕੀਤਾ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।


## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

ਆਵਾਜ਼ਿ ਕੌਮ AWAZE QAUM


10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਉ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

Contact Detail :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**


## JOURNEY OF A LIFE TIME

ਆਵਾਜ਼ਿ ਕੌਮ AWAZE QAUM

# PANJ TAKHAT YATRA

**5 TAKHAT YATRA - 10 NIGHTS / 11 DAYS**

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL + 44 7458 381111, + 44 7976 210161)

PARAMJIT SHERGILL
+44 7858 198159


INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ - 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV



ਬੇਨਤੀ ਕਰਤਾ ਸੰਤ ਬਾਬਾ ਰਣਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137



ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ ॥ ਬਾਣੀ ਪੜਹੁ ਸੁਧ ਗੁਰ ਕੇਰੀ ॥ ਪੜੈ ਮਹਾਤਮ ਲਹੈ ਬਿਸਾਲਾ ॥ ਹਲਤ ਪਲਤ ਮਹਿ ਹੋਇ ਨਿਹਾਲਾ ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV




--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ ਪੱਤਰ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ,

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ

## ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

ਮਿਤੀ 1 ਅਗਸਤ 2025
ਦਿਨ ਸ਼ੁੱਕਰਵਾਰ ਤੋਂ
7 ਅਗਸਤ 2025 ਦਿਨ ਵੀਰਵਾਰ ਤੱਕ

ਅਸਥਾਨ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)

ਵਿਖੇ ਕਰਵਾਏ ਜਾ ਰਹੇ ਹਨ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ

ਆਰੰਭ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 5 ਅਗਸਤ 2025**
ਦਿਨ ਮੰਗਲਵਾਰ ਸਮਾਂ ਸਵੇਰੇ 8:00 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 7 ਅਗਸਤ 2025**
ਦਿਨ ਵੀਰਵਾਰ ਸਮਾਂ ਸਵੇਰੇ 8:30 ਵਜੇ

ਭੋਗ ਉਪਰੰਤ
ਸਵੇਰੇ 09:30 ਵਜੇ ਤੋਂ
02:00 ਵਜੇ ਤੱਕ
ਮਹਾਨ ਗੁਰਮਤਿ ਸਮਾਗਮ ਹੋਣਗੇ

ਜਿਸ ਵਿੱਚ ਸੰਤ ਮਹਾਂ ਪੁਰਖ ਹਾਜਰੀਆਂ ਭਰਣਗੇ।



6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ,
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ।

ਸੋ ਆਪ ਜੀ ਨੂੰ ਬੇਨਤੀ ਹੈ
ਆਪ ਜੀ ਅਤੇ ਸੰਗਤਾ ਸਮੇਤ ਸਮੇਂ ਸਿਰ ਆਉਣ ਦੀ
ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ,
ਪ੍ਰਧਾਨ ਸੰਤ ਸਮਾਜ, ਮੋ:98551-17300

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




**ਅੰਮ੍ਰਿਤਧਾਰੀ ਸਿੱਖ ਬੱਚਿਆਂ ਲਈ ਕਕਾਰ ਪਹਿਨਣੇ ਮਰਿਯਾਦਾ ਤੇ ਸੰਵਿਧਾਨਕ ਮੁਤਾਬਿਕ ਮੌਲਿਕ ਅਧਿਕਾਰ**

# ਪ੍ਰੀਖਿਆਵਾਂ ਕੇਂਦਰਾਂ 'ਚ ਕਿਉਂ ਕੀਤਾ ਜਾਂਦਾ ਪ੍ਰੇਸ਼ਾਨ : ਬਾਬਾ ਸੁੱਖਾ ਸਿੰਘ

**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆ ਹੋਇਆ ਕਿਹਾ ਕਿ ਰਾਜਸਥਾਨ ਦੇ ਜੈਪੁਰ ਚ ਜੱਜ ਦੀ ਪੜ੍ਹਾਈ ਕਰ ਰਹੀ ਅੰਮ੍ਰਿਤਧਾਰੀ ਬੇਟੀ ਨੂੰ ਗੁਰੂ ਸਾਹਿਬ ਜੀ ਵਲੋਂ ਮਿਲੀ ਕਕਾਰਾਂ ਦੀ ਬਖਸ਼ਿਸ਼ ਨੂੰ ਉਤਾਰਨ ਲਈ ਕਿਹਾ ਗਿਆ ਸੀ ਜਿਸ ਵਿੱਚ ਦੇਸ ਵਿਦੇਸ ਵਿੱਚ ਵੱਸਦੇ ਹਰੇਕ ਸਿੱਖ ਅੰਦਰ ਭਾਰੀ ਰੋਸ ਪਾਇਆ ਗਿਆ ਅਤੇ ਰੋਸ ਦੇ ਚੱਲਦਿਆਂ ਰਾਜਸਥਾਨ ਸਰਕਾਰ ਨੇ ਸਿੱਖ ਭਾਵਨਾਵਾਂ ਦੀ ਕਦਰ ਕਰਦਿਆਂ ਸਿੱਖ ਉਮੀਦਵਾਰਾਂ ਨੂੰ ਕਕਾਰਾਂ ਸਮੇਤ ਪ੍ਰੀਖਿਆ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਗਈ ਇਸ ਪ੍ਰਵਾਨਗੀ ਦਾ ਸਵਾਗਤ ਕੀਤਾ ਜਾਂਦਾ ਹੈ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਅੰਮ੍ਰਿਤਧਾਰੀ ਸਿੱਖ ਕੌਮ ਬਾਰੇ ਕੌਣ ਨਹੀਂ ਜਾਣਦਾ ਬੜੇ ਅਫਸੋਸ ਦੀ ਗੱਲ ਹੈ ਪਰ ਇਸ ਬਾਰੇ ਰਾਜਸਥਾਨ ਸਰਕਾਰ ਨੂੰ ਅਜਿਹਾ ਕਦਮ ਬਹੁਤ ਪਹਿਲਾਂ ਚੁੱਕਣਾ ਚਾਹੀਦਾ ਸੀ ।ਮੁੱਖ ਮੰਤਰੀ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਪ੍ਰੀਖਿਆ ਕੇਂਦਰ ਦੇ ਅਧਿਕਾਰੀਆਂ ਵੱਲੋਂ ਕੀਤੇ ਗਏ ਇਸ ਗਲਤ ਵਰਤਾਰੇ ਕਾਰਨ ਸਿੱਖ ਬੇਟੀ ਪੇਪਰ ਦੇਣ ਤੋਂ ਵਾਂਝੀ ਰਹਿ ਗਈ ਪਰ ਹੁਣ ਸਿੱਖ ਬੇਟੀ ਲਈ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕਰਕੇ ਪੇਪਰ ਲਿਆ ਜਾਵੇ , ਤਾਂ ਜੋ ਉਸ ਬੇਟੀ ਵੱਲੋਂ ਕੀਤੀ ਗਈ ਮਿਹਨਤ ਦਾ ਮੁੱਲ ਪੈ ਸਕੇ ਅਤੇ ਉਸ ਨੂੰ ਇਨਸਾਫ਼ ਮਿਲ ਸਕੇ। ਅੱਗੇ ਉਨਾਂ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਪਹਿਲਾਂ ਹੀ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਤਿਆਰ ਕੀਤੀ ਗਈ ਮਰਿਯਾਦਾ ਅਨੁਸਾਰ ਹੁਕਮ ਹੈ ਕਿ ਕੋਈ ਵੀ ਅੰਮ੍ਰਿਤਧਾਰੀ ਸਿੱਖ ਪ੍ਰਾਣੀ ਆਪਣੇ ਸ਼ਰੀਰ ਨਾਲੋਂ ਪੰਜ ਕਕਾਰਾਂ ਨੂੰ ਵੱਖ ਨਹੀਂ ਕਰ ਸਕਦਾ । ਇਸ ਲਈ ਬਕਾਇਦਾ ਨਿਯਮ ਬਣੇ ਹੋਏ ਹਨ, ਜਿਨ੍ਹਾਂ ਨੂੰ ਹਮੇਸ਼ਾ ਅਣਗੌਲਿਆ ਕਰਕੇ ਭਾਵਨਾਵਾਂ ਨੂੰ ਠੇਸ ਪਹੁੰਚਾਈ ਜਾਂਦੀ ਹੈ ।ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਇਸ ਫੌਜ ਦੀ ਮਰਿਯਾਦਾ ਬਾਰੇ ਹਰੇਕ ਨੂੰ ਪਤਾ ਹੈ ਪਰ ਫਿਰ ਵੀ ਬੀਤੇ ਸਮੇਂ ਦੌਰਾਨ ਕਈ ਥਾਵਾਂ 'ਤੇ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਧਾਰਮਿਕ ਚਿੰਨ੍ਹ ਕਕਾਰ ਉਤਾਰਣ ਲਈ ਮਜਬੂਰ ਕੀਤਾ ਜਾਂਦਾ ਰਿਹਾ ।ਉਨ੍ਹਾਂ ਕਿਹਾ ਕਿ ਸਿੱਖਾਂ ਦੇ ਪੰਜ ਕਕਾਰ ਸਿੱਖ ਪਛਾਣ ਅਤੇ ਮੌਲਿਕ ਅਧਿਕਾਰਾਂ ਦੇ ਤਰਜਮਾਨ ਹਨ, ਜਿਸ ਦਾ ਸਭ ਨੂੰ ਸਤਿਕਾਰ ਕਰਨਾ ਚਾਹੀਦਾ ਹੈ। ਅਤੇ ਭਾਰਤ ਸਰਕਾਰ ਨੂੰ ਸਪੈਸ਼ਲ ਤੌਰ ਤੇ ਇਸ ਉਪਰ ਕਾਰਵਾਈ ਕਰਦਿਆ ਹੋਇਆ ਦੇਸ ਦੇ ਹਰੇਕ ਕੋਨੇ ਵਿੱਚ ਸਿੱਖਾਂ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਹੋਇਆ ਇਕ ਬਿਲ ਪਾਸ ਕਰਨਾ ਚਾਹੀਦਾ ਹੈ ਅਤੇ ਕਿਤੇ ਵੀ ਐਸੀ ਘਟਨਾ ਵਾਪਰਦੀ ਹੈ ਤਾਂ ਉਸ ਉੱਪਰ ਕਾਰਵਾਈ ਕਰਦਿਆ ਹੋਇਆ ਦੋਸੀ ਅਧਿਕਾਰੀਆਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ! ਕਿਉਂਕਿ ਸਾਂਤੀ ਪ੍ਰਸਤ ਸਿਖ ਕੌਮ ਦਾ ਅਧਿਕਾਰ ਹੈ ਅਤੇ ਸਿੱਖ ਗੁਰੂ ਸਾਹਿਬਾਨਾਂ ਵੱਲੋਂ ਬਣਾਈ ਗਈ ਮਰਿਯਾਦਾ ਦੀ ਕਦਰ ਕਰਨੀ ਚਾਹੀਦੀ ਹੈ।



**ਭਾਰਤ ਦੇਸ ਦੇ ਕੋਨੇ ਕੋਨੇ ਚ ਸਿੱਖਾਂ ਦੀਆਂ ਭਾਵਨਾਵਾਂ ਨੂੰ ਰੱਖਦਿਆਂ ਭਾਰਤ ਸਰਕਾਰ ਕਰੇ ਕਾਨੂੰਨ ਪਾਸ ਰਾਜਸਥਾਨ ਸਰਕਾਰ ਦੀ ਮਨਜ਼ੂਰੀ ਦਾ ਸਵਾਗਤ**

ਆਵਾਜ਼ਿ ਕੌਮ AWAZE QAUM International Newspaper & WEB TV

# ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕੀ ਬੋਰਡ ਵਿੱਚ ਸਰਕਾਰੀ ਦਖਲ ਖ਼ਿਲਾਫ਼ ਦਿੱਲੀ ਦੇ ਜੰਤਰ ਮੰਤਰ ਵਿਖੇ ਰੋਸ ਪ੍ਰਦਰਸ਼ਨ



**ਨਵੀਂ ਦਿੱਲੀ 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕੀ ਬੋਰਡ ਵਿੱਚ ਸਰਕਾਰੀ ਦਖਲ ਖ਼ਿਲਾਫ਼ ਅੱਜ ਉੱਥੋਂ ਦੀ ਸੰਗਤ ਨੇ ਜੰਤਰ ਮੰਤਰ ਦਿੱਲੀ ਵਿਖੇ ਰੋਸ ਪ੍ਰਦਰਸ਼ਨ ਕੀਤਾ ।ਪ੍ਰਦਰਸ਼ਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਵਰਕਰਾਂ ਨੇ ਦਿੱਲੀ ਤੋਂ ਪਾਰਟੀ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਦੀ ਅਗਵਾਈ ਵਿੱਚ ਹਿੱਸਾ ਲਿਆ ।ਹਜ਼ੂਰ ਸਾਹਿਬ ਤੋਂ ਸਾਬਕਾ ਮੈਂਬਰ ਸ. ਜਰਨੈਲ ਸਿੰਘ ਦੀ ਅਗਵਾਈ 'ਚ ਆਈ ਸੰਗਤ ਨੇ ਇਹ ਦੋਸ਼ ਲਗਾਇਆ ਕਿ ਸੂਬਾ ਸਰਕਾਰ ਕੇਂਦਰ ਦੀ ਸ਼ਿਹ ਅਸਿੱਧੇ ਤਰੀਕੇ ਨਾਲ ਜਿਵੇਂ ਹੋਰਨਾਂ ਗੁਰਦੁਆਰਿਆਂ ਕਮੇਟੀਆਂ ਤੇ ਕਾਬਜ਼ ਹੋ ਰਹੀ ਹੈ ।ਉਸੇ ਤਰ੍ਹਾਂ ਸ੍ਰੀ ਹਜ਼ੂਰ ਸਾਹਿਬ ਦੇ ਬੋਰਡ ਤੇ ਵੀ ਕਾਬਜ਼ ਹੋ ਕੇ ਸਮੁੱਚੇ ਗੁਰਦੁਆਰਾ ਨੂੰ ਸਰਕਾਰੀ ਕੰਟਰੋਲ ਅਧੀਨ ਲਿਆਂਦਾ ਜਾ ਸਕੇ ।ਇਸ ਲਈ ਅਲੱਗ ਅਲੱਗ ਤਰ੍ਹਾਂ ਦੇ ਹੱਥ ਕੰਢੇ ਵਰਤੇ ਜਾ ਰਹੇ ਹਨ ।ਇਸ ਸਮੇਂ ਸੰਗਤ ਨੇ ਮੰਗ ਕੀਤੀ ਕਿ ਸ੍ਰੀ ਹਜ਼ੂਰ ਸਾਹਿਬ ਦੇ ਬੋਰਡ ਦੀ ਚੁਣੀ ਜਾਣ ਵਾਲੀ ਕਮੇਟੀ ਨੂੰ ਹੀ ਸੇਵਾ ਸੰਭਾਲ ਕਰਨ ਦਿੱਤੀ ਜਾਵੇ, ਸਰਕਾਰ ਆਪਣੇ ਬੰਦੇ ਨਾਮਜ਼ਦ ਕਰਕੇ ਗੁਰਦੁਆਰਾ ਪ੍ਰਬੰਧਕ ਤੇ ਕਾਬਜ਼ ਹੋਣ ਦੇ ਯਤਨ ਨਾ ਕਰੇ ਨਹੀਂ ਤੇ ਸਮੁੱਚੀ ਸਿੱਖ ਕੌਮ ਦਾ ਵਿਰੋਧ ਝੱਲਣ ਲਈ ਤਿਆਰ ਰਹੇ ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਇਹ ਜਿਵੇਂ ਦਿੱਲੀ ਕਮੇਟੀ ਪੂਰੀ ਤਰ੍ਹਾਂ ਸਰਕਾਰੀ ਕਬਜ਼ੇ ਅਧੀਨ ਹੋਕੇ ਸਿੱਖ ਰਹਿਤ ਦੀਆਂ ਧੱਜੀਆਂ ਉਡਾ ਰਹੀ ਹੈ ਤੇ ਜਾਇਦਾਦਾਂ ਵੇਚ ਰਹੀ ਹੈ ।ਇਸੇ ਤਰ੍ਹਾਂ ਸਰਕਾਰ ਚਾਹੁੰਦੀ ਹੈ ਕਿ ਸਿੱਖ ਦੀ ਹਰ ਵੱਡੀ ਸੰਸਥਾ ਨੂੰ ਆਪਣੇ ਅਧੀਨ ਕੀਤਾ ਜਾਵੇ ।ਪਰ ਇਹ ਯਤਨ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ।ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਗੁਰਦੁਆਰਾ ਪ੍ਰਬੰਧਕ ਵਿੱਚ ਦਖਲ ਦੇਣਾ ਬੰਦ ਕਰੇ ।ਉਹਨਾਂ ਕਿਹਾ ਕਿ ਉਹ ਜਿਸ ਤਰ੍ਹਾਂ ਦਿੱਲੀ 'ਚ ਲੜਾਈ ਲੜ ਰਹੇ ਹਨ ।ਇਸੇ ਤਰ੍ਹਾਂ ਮਹਾਰਾਸ਼ਟਰ ਸਰਕਾਰ ਨਾਲ ਵੀ ਲੜਾਈ ਲੜਨ ਲਈ ਤਿਆਰ ਹਨ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਮਨਜੀਤ ਸਿੰਘ ਜੀ. ਕੇ, ਸ. ਤਜਿੰਦਰ ਸਿੰਘ ਗੋਪਾ, ਸ. ਮਨਜੀਤ ਸਿੰਘ ਸਰਨਾ, ਸ. ਮਹਿੰਦਰ ਸਿੰਘ ਤੇ ਸ. ਅਮਨਪ੍ਰੀਤ ਸਿੰਘ ਸ਼ਹਾਦਰਾ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

## ਰਾਜਸਥਾਨ ਵਿਚ ਅੰਮ੍ਰਿਤਧਾਰੀ ਸਿੱਖ ਲੜਕੀ ਨੂੰ ਪੇਪਰ ਦੇਣ ਤੋਂ ਰੋਕਣਾ ਸਮੂਹ ਸਿੱਖਾਂ ਤੇ

# ਸਮੂਹ ਸਿੱਖ ਜਥੇਬੰਦੀਆਂ ਵਿਚ ਭਾਰੀ ਰੋਸ-ਸੰਤ ਬਾਬਾ ਗੁਰਦੀਪ ਸਿੰਘ, ਸੰਤ ਬਾਬਾ ਸੁੱਖਾ ਸਿੰਘ





ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ) :— ਰਾਜਸਥਾਨ ਵਿਚ ਅੰਮ੍ਰਿਧਾਰੀ ਸਿੱਖ ਲੜਕੀ ਨੂੰ ਪੇਪਰ ਦੇਣ ਤੋਂ ਰੋਕਣਾ ਸਮੂਹ ਸਿੱਖਾਂ ਅਤੇ ਸਮੂਹ ਸਿੱਖ ਜਥੇਬੰਦੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਕਰਦਿਆਂ ਸੰਤ ਬਾਬਾ ਗੁਰਦੀਪ ਸਿੰਘ ਮੁੱਖੀ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਾਲਿਆਂ ਅਤੇ ਸੰਤ ਬਾਬਾ ਸੁੱਖਾ ਸਿੰਘ ਮੁੱਖੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸਿਮਲਾ ਵਾਲਿਆਂ ਦੱਸਿਆ ਕਿ ਜੈਪੁਰ ਵਿਚ ਰਾਜਸਥਾਨ ਹਾਈਕੋਰਟ ਜ਼ੋਧਪੁਰ ਦੀ ਸਿਵਲ ਜੱਜ ਦੀ ਭਰਤੀ ਦਾ ਇਮਤਿਹਾਨ ਦੇ ਣ ਗਈ ਅੰਮ੍ਰਿਤਧਾਰੀ ਉਮੀਦਵਾਰ ਗੁਰਪ੍ਰੀਤ ਕੌਰ ਨੂੰ ਕਿਰਪਾਨ ਪਾਉਣ ਕਰਕੇ ਪੇਪਰ ਸੈਂਟਰ ਵਿਚ ਦਾਖਲ ਨਾ ਹੋਣ ਦੇਣ ਦਾ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਭਾਰਤੀ ਸੰਵਿਧਾਨ ਦੀ ਵੱਡੀ ਉਲਘਣਾ ਹੈ ਅਤੇ ਸਿੱਖਾਂ ਵਿਰੁੱਧ ਨਫਰਤੀ ਵਿਤਰਾ ਹੈ। ਉਨ੍ਹਾਂ ਨੇ ਅੱਗੇ ਦੱਸਿਆ ਕਿ ਰਾਜਸਥਾਨ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੈ, ਜਦੋਂ ਕਿ ਉਹ ਸਿੱਖ ਹਿਤੈਸ਼ੀ ਦਸਦੇ ਹਨ ਅਤੇ ਉਹ ਕਿਵੇਂ ਸਿੱਖਾਂ ਦੇ ਹਿੱਤਾਂ ਦੀ ਰਾਖੀ ਕਰ ਰਹੀ ਹੈ, ਜਦ ਕਿ ਸਾਰੀ ਦੁਨੀਆਂ ਨੂੰ ਪਤਾ ਹੈ ਕਿ ਅੰਮ੍ਰਿਤਧਾਰੀ ਸਿੱਖ ਕਕਾਰ ਵਜੋਂ ਕਿਰਪਾਨ ਪਾਉਂਦੇ ਹਨ, ਪਰ ਦੇਸ਼ ਅੰਦਰ ਵਾਰ-ਵਾਰ ਸਿੱਖਾਂ ਨੂੰ ਉਨ੍ਹਾਂ ਦੀ ਵੱਖਰੀ ਪਹਿਚਾਣ ਹੈ, ਪਰ ਫਿਰ ਵੀ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦ ਕਿ ਭਾਰਤੀ ਸੰਵਿਧਾਨ ਦੀ ਧਾਰਾ 25 ਦੀ ਵਿਆਖਿਆ ਵਿਚ ਸਪੱਸ਼ਟ ਦਰਜ ਹੈ ਕਿ ਸਿੱਖ ਧਰਮ ਵਿਚ ਕਿਰਪਾਨ ਧਾਰਨ ਕਰ ਸਕਦੇ ਹਨ। ਇਸ ਦੇ ਬਾਵਜੂਦ ਸੰਵਿਧਾਨ ਦੀ ਰਾਖੀ ਕਰਨ ਵਾਲੀ ਅਦਾਲਤ ਦੀ ਪ੍ਰੀਖਿਆ ਵਿਚ ਹੀ ਸਿੱਖਾਂ ਨਾਲ ਵਿਤਕਰਾ ਕੀਤਾ ਹੈ, ਜਿਸ ਦੀ ਅਸੀਂ ਪੁਰਜ਼ੋਰ ਸ਼ਬਦਾਂ ਵਿਚ ਨਿਖੇਧੀ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

## ਸਠਿਆਲਾ ਕਾਲਜ ਵਿਖੇ ਸ਼ਹੀਦ ਊਧਮ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ

# ਵੱਖ-ਵੱਖ ਮੁਕਾਬਲੇ ਕਰਵਾਏ



**ਚੌਕ ਮਹਿਤਾ, 31ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਦਿਆਂ, ਐਨ.ਐੱਸ.ਐਸ ਯੂਨਿਟ ਅਤੇ ਭਾਸ਼ਾ ਮੰਚ ਅਧੀਨ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਤੇਗ ਬਹਾਦੁਰ ਕਾਲਜ, ਸਠਿਆਲਾ ਵਿੱਚ ਕਾਲਜ ਇੰਚਾਰਜ ਡਾ.ਹਰਸਿਮਰਨ ਕੌਰ ਦੀ ਯੋਗ ਅਗਵਾਈ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਦੀ ਤਕਨੀਕੀ ਯੋਗਤਾ ਨੂੰ ਉਭਾਰਨ ਲਈ ਡਿਜੀਟਲ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸਦੇ ਨਾਲ ਹੀ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਭਾਸ਼ਣ ਅਤੇ ਕਵਿਤਾ ਉਚਾਰਨ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ 20 ਵਿਦਿਆਰਥੀਆਂ ਨੇ ਭਾਗ ਲਿਆ। ਸਮਾਗਮ ਦੀ ਸ਼ੁਰੂਆਤ ਵਿੱਚ ਬੀ.ਏ. ਸਮੈਸਟਰ-3 ਦੇ ਵਿਦਿਆਰਥੀ ਹਰਸ਼ਦੀਪ ਸਿੰਘ ਨੇ ਸ਼ਹੀਦ ਊਧਮ ਸਿੰਘ ਦੇ ਜੀਵਨ ਅਤੇ ਵਿਚਾਰਧਾਰਾ 'ਤੇ ਵਿਸਥਾਰ ਨਾਲ ਚਰਚਾ ਕੀਤੀ।ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣ ਅਤੇ ਇਤਿਹਾਸਕ ਗਿਆਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਸ਼ਹਾਦਤਾਂ ਦੇਣ ਵਾਲਿਆਂ ਨੂੰ ਵਿਸਰ ਜਾਂਦੀਆਂ ਨੇ, ਉਹ ਵੀ ਉੱਜੜ ਜਾਂਦੀਆਂ ਨੇ।ਐਨਐੱਸਐਸ ਪ੍ਰੋਗਰਾਮ ਅਫ਼ਸਰ ਕਰਮਬੀਰ ਸਿੰਘ ਨੇ ਸਮਾਰੋਹ ਵਿੱਚ ਮੰਚ ਸੰਚਾਲਨ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਪੰਜਾਬੀ ਵਿਭਾਗ ਦੇ ਪ੍ਰੋ.ਜਸਵਿੰਦਰ ਕੌਰ ਨੇ ਅਜਿਹੀਆਂ ਗਤੀਵਿਧੀਆਂ ਨੂੰ ਵਿਦਿਆਰਥੀਆਂ ਦੀ ਵਿਦਿਅਕ ਉੱਨਤੀ ਲਈ ਲਾਭਕਾਰੀ ਦੱਸਿਆ। ਅੰਤ ਵਿੱਚ ਰਾਜਨੀਤੀ ਸ਼ਾਸਤਰ ਵਿਭਾਗ ਦੇ ਪ੍ਰੋ.ਸੁਪਰੀਤ ਕੌਰ ਵੱਲੋਂ ਧੰਨਵਾਦ ਪ੍ਰਸਤਾਵ ਪੇਸ਼ ਕੀਤਾ ਗਿਆ। ਇਸ ਮੌਕੇ ਪ੍ਰੋ.ਰੋਹਿਤ ਗੁਪਤਾ, ਪ੍ਰੋ.ਕਰਮਬੀਰ ਸਿੰਘ, ਪ੍ਰੋ.ਸੁਪਰੀਤ ਕੌਰ, ਪ੍ਰੋ.ਜਸਵਿੰਦਰ ਕੌਰ, ਪ੍ਰੋ.ਮਨੂ ਬਾਲਾ ਅਤੇ ਪ੍ਰੋ.ਰੇਨੂੰ ਹਾਜ਼ਰ ਸਨ।

## ਸ਼ਹੀਦ ਸ੍ਰ ਊਧਮ ਸਿੰਘ ਜੀ ਦੀ ਸਹਾਦਤ ਨੂੰ ਸਮਰਪਿਤ ਸੇਂਟ ਸੋਲਜ਼ਰ ਸਕੂਲ ਅਤੇ

# ਕਿੰਗ ਸਾਇਰਸ ਕੰਬੋਜ ਵਰਡ ਆਰਗਨਾਈਜੇਸ਼ਨ ਨੇ ਸ਼ਹੀਦੀ ਦਿਹਾੜਾ ਮਨਾਇਆ




**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਸਰਬ ਕੰਬੋਜ ਸਮਾਜ ਅਤੇ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਅਤੇ ਕਿੰਗ ਸਾਇਰਸ ਕੰਬੋਜ ਵਰਡ ਆਰਗਨਾਈਜੇਸ਼ਨ ਵਲੋ ਸ਼ਹੀਦ ਸ੍ਰ ਊਧਮ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆ ਹੋਇਆ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਤੇ ਪਿਆਰ ਨਾਲ ਜਲਿਆਂ ਵਾਲੇ ਬਾਗ ਵਿੱਚ ਸ਼ਹੀਦ ਦੇ ਆਦਮ ਕਦ ਬੁਤ ਉਤੇ ਫੁੱਲਾਂ ਦੀ ਵਰਖਾ ਤੇ ਫੁਲ ਮਾਲਾ ਕਰਦੇ ਹੋਏ ਜੈਕਾਰਿਆਂ ਦੀ ਗੂੰਜ ਵਿੱਚ ਮਨਾਇਆ ਗਿਆ। ਜੈਕਾਰਿਆਂ ਦੀ ਗਿਣਤੀ ਵਿੱਚ ਇਕੱਠੇ ਹੋਏ ਸਰਬ ਕੰਬੋਜ ਸਮਾਜ ਅੰਮ੍ਰਿਤਸਰ ਦੀ ਟੀਮ ਅਤੇ ਸੇਂਟ ਸੋਲਜ਼ਰ ਗਰੁੱਪ ਆਫ ਸਕੂਲ ਵੱਲੋਂ ਸ਼ਹੀਦ ਨੂੰ ਨਤਮਸਤਕ ਹੋ ਕੇ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਤੇ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਸ਼ਹੀਦ ਦੇ ਬੁੱਤ ਨੂੰ ਜਲਿਆਂ ਵਾਲੇ ਕੰਪਲੈਕਸ ਨਾਲ ਜੋੜਿਆ ਜਾਵੇ ਤਾਂ ਜੋ ਸਭ ਲੋਕ ਜੋ ਜਲਿਆਂ ਵਾਲੇ ਬਾਗ ਆਉਂਦੇ ਹਨ ਉਹ ਵੀ ਸ਼ਹੀਦ ਦੇ ਬੁੱਤ ਨੂੰ ਨਤਮਸਤਕ ਹੋ ਸਕਣ।ਕਿਉਕਿ ਸ਼ਹੀਦ ਸਾਡਾ ਸਰਮਾਇਆ ਹਨ ਜਿਨਾਂ ਦੀ ਬਦੌਲਤ ਅਸੀਂ ਰਾਜਭਾਗ ਭੋਗ ਰਹੇ ਹਾਂ ! ਜੈਕਾਰਿਆਂ ਦੀ ਗੂੰਜ ਵਿੱਚ ਇਸ ਮੰਗ ਨੂੰ ਪ੍ਰਵਾਨਗੀ ਦਿੱਤੀ ਗਈ ਤੇ ਸ਼ਹੀਦ ਦੀ ਕੁਰਬਾਨੀ ਨੂੰ ਯਾਦ ਕੀਤਾ ਗਿਆ। ਇਸ ਮੌਕੇ ਤੇ ਡਾ. ਮੰਗਲ ਸਿੰਘ ਸਕੱਤਰ, ਸ. ਕਿਰਪਾਲ ਸਿੰਘ ਰਾਮ ਦੀਵਾਲੀ ਪ੍ਰਧਾਨ, ਗੁਰਿੰਦਰ ਸਿੰਘ ਚੰਦੀ, ਮਨਦੀਪ ਸਿੰਘ ਢੋਟ ਕੌਂਸਲਰ, ਚਾਚਾ ਅਮਰ ਸਿੰਘ, ਡਾ. ਇਕਬਾਲ ਸਿੰਘ, ਸ.ਇਕਬਾਲ ਸਿੰਘ,ਸ.ਰਘੁਬੀਰ ਸਿੰਘ ਸਾਰਾਗੜੀ,ਮਲਕੀਅਤ ਸਿੰਘ ਵੱਲਾ,ਗੁਰਇਕਬਾਲ ਸਿੰਘ, ਕੁਲਵਿੰਦਰ ਸਿੰਘ, ਸਤਪਾਲ ਸਿੰਘ, ਫਤਿਹ ਸਿੰਘ, ਜਤਿੰਦਰ ਸਿੰਘ, ਸੁਖਵਿੰਦਰ ਸਿੰਘ, ਅਰਜਨ ਸਿੰਘ ਬੋਹੜੂ ਅਤੇ ਹੋਰ ਸੈਂਕੜੇ ਲੋਕ ਹਾਜ਼ਰ ਰਹੇ।

**ਸ਼ਹੀਦ ਸਾਡਾ ਸਰਮਾਇਆ ਹਨ ਜਿੰਨਾਂ ਦੀ ਬਦੌਲਤ ਅਸੀਂ ਰਾਜਭਾਗ ਭੋਗ ਰਹੇ ਹਾਂ**

ਆਵਾਜ਼ਿ ਕੌਮ AWAZE QAUM International Newspaper & WEB TV

## 31 ਜੁਲਾਈ 2013 ਵਾਲੇ ਦਿਨ ਇੰਗਲੈਂਡ ਦੇ ਸਾਊਥਵਾਰਿਕ ਕਰਾਊਨ ਕੋਰਟ ਨੇ, ਸਰਦਾਰ ਬਰਜਿੰਦਰ ਸਿੰਘ ਸੰਘਾ, ਸਰਦਾਰ ਮਨਦੀਪ ਸਿੰਘ ਸੰਧੂ, ਸਰਦਾਰ ਦਿਲਬਾਗ ਸਿੰਘ ਅਤੇ ਬੀਬੀ ਹਰਜੀਤ ਕੌਰ ਨੂੰ ਰਿਟਾ: ਲੈਫਟੀਨੈਂਟ ਜਨਰਲ ਕੁਲਦੀਪ ਬਰਾੜ 'ਤੇ ਹਮਲਾ ਕਰਨ ਦਾ ਦੋਸ਼ੀ ਕਰਾਰ ਦਿੱਤਾ: ਗੁਰਦੀਪ ਸਿੰਘ ਜਗਬੀਰ (ਡਾ.)



ਸਤੰਬਰ 2012 ਸਾਲ ਦੇ ਦੌਰਾਨ ਭਾਰਤੀ ਫੌਜ ਦਾ ਰਿਟਾ: ਲੈਫਟੀਨੈਂਟ ਜਨਰਲ ਕੁਲਦੀਪ ਬਰਾੜ, ਛੁੱਟੀਆਂ ਮਨਾਉਣ ਦੇ ਲਈ ਆਪਣੀ ਪਤਨੀ ਮੀਨਾ ਦੇ ਨਾਲ ਲੰਡਨ ਦੀ ਓਲਡ ਕਿਊਬਿਕ ਸਟਰੀਟ ਦੇ ਇੱਕ ਹੋਟਲ ਵਿੱਚ ਠਹਿਰਿਆ ਹੋਇਆ ਸੀ।30 ਸਤੰਬਰ 2012 ਵਾਲਾ ਦਿਨ ਸੀ ਅਤੇ ਸ਼ਾਮ ਦਾ ਵਕਤ ਸੀ,ਰਿਟਾ: ਲੈਫਟੀਨੈਂਟ ਜਨਰਲ ਕੁਲਦੀਪ ਬਰਾੜ ਆਪਣੀ ਪਤਨੀ ਮੀਨਾ ਦੇ ਨਾਲ ਬਾਹਰ ਟਹਿਲਣ ਦੇ ਲਈ ਨਿਕਲਿਆ ਸੀ ਕੇ ਉਸ ਉਪਰ ਤਿੰਨ ਸਿੰਘਾਂ ਅਤੇ ਇਕ ਸਿੱਖ ਬੀਬੀ ਨੇ ਜਾਨਲੇਵਾ ਹਮਲਾ ਕਰ ਦਿੱਤਾ ਸੀ।

ਓਲਡ ਕਿਊਬਿਕ ਸਟਰੀਟ, ਲੰਡਨ ਦੀ ਹਿੱਕ ਵਿੱਚ,ਇਕ ਸੈਲਾਨੀ ਇਲਾਕਾ ਹੈ,ਜਿੱਥੇ ਉਸ ਉਪਰ ਹਮਲਾ ਹੋਇਆ ਪਰ ਇਸ ਹਮਲੇ ਵਿੱਚ ਉਸ ਨੂੰ ਕੋਈ ਜਿਆਦਾ ਸੱਟ ਨਹੀਂ ਵਜੀ ਅਤੇ ਉਹ ਬਾਲ ਬਾਲ ਬੱਚ ਗਿਆ।

ਇਸ ਕੇਸ ਵਿਚ ਤਿੰਨ ਗੁਰਸਿੱਖਾਂ ਅਤੇ ਇਕ ਸਿੱਖ ਬੀਬੀ ਨੂੰ ਗ੍ਰਿਫਤਾਰ ਕੀਤਾ ਗਿਆ। ਜਿਸ ਵਿਚ 33 ਵਰ੍ਹਿਆਂ ਦਾ ਸਰਦਾਰ ਬਰਜਿੰਦਰ ਸਿੰਘ ਸੰਘਾ, 34 ਵਰ੍ਹਿਆਂ ਦਾ ਸਰਦਾਰ ਮਨਦੀਪ ਸਿੰਘ ਸੰਧੂ, 36 ਵਰ੍ਹਿਆਂ ਦਾ ਸਰਦਾਰ ਦਿਲਬਾਗ ਸਿੰਘ ਅਤੇ 38 ਵਰ੍ਹਿਆਂ ਦੀ ਬੀਬੀ ਹਰਜੀਤ ਕੌਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

31 ਜੁਲਾਈ 2013 ਵਾਲੇ ਦਿਨ ਸਾਊਥਵਾਰਿਕ ਕਰਾਊਨ ਕੋਰਟ ਨੇ ਇਨ੍ਹਾਂ ਚਾਰਾਂ ਨੂੰ ਰਿਟਾ: ਲੈਫਟੀਨੈਂਟ ਜਨਰਲ ਕੁਲਦੀਪ ਬਰਾੜ 'ਤੇ ਹਮਲਾ ਕਰਣ ਦਾ ਦੋਸ਼ੀ ਕਰਾਰ ਦਿੱਤਾ ਅਤੇ 11 ਦਸੰਬਰ 2013 ਵਾਲੇ ਦਿਨ ਚਾਰਾਂ ਨੂੰ ਸਜਾ ਸੁਣਾਈ ਗਈ। ਅਦਾਲਤ ਵੱਲੋ ਸੁਣਾਈ ਗਈ ਸਜਾ ਵਿੱਚ ਸਰਦਾਰ ਬਰਜਿੰਦਰ ਸਿੰਘ ਸੰਘਾ ਅਤੇ ਸਰਦਾਰ ਦਿਲਬਾਗ ਸਿੰਘ ਨੂੰ 14- 14 ਸਾਲ ਦੀ ਸਜਾ ਸੁਣਾਈ ਗਈ ਜਦੋਂਕਿ ਸਰਦਾਰ ਮਨਦੀਪ ਸਿੰਘ ਸੰਧੂ ਨੂੰ 10 ਸਾਲ 6 ਮਹੀਨੇ ਅਤੇ ਬੀਬੀ ਹਰਜੀਤ ਕੌਰ ਨੂੰ 11 ਸਾਲ ਕੈਦ ਦੀ ਸਜ਼ਾ ਸੁਣਾਈ ਗਈ।

21 ਮਾਰਚ 2014 ਵਾਲੇ ਦਿਨ ਇਸੇ ਕੇਸ ਵਿੱਚ ਪੰਜਵੇਂ ਵਿਅਕਤੀ ਸਰਦਾਰ ਲਖਬੀਰ ਸਿੰਘ ਨੂੰ ਸਾਊਥਵਾਰਿਕ ਕਰਾਊਨ ਕੋਰਟ ਵੱਲੋਂ 10 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ।

**ਮੇਰੀ ਛੱਪ ਰਹੀ ਪੁਸਤਕ '365 ਦਿਨ ਸਿੱਖ ਇਤਿਹਾਸ ਦੇ' ਦੇ ਵਿੱਚੋਂ:**
**ਭੁੱਲਾਂ ਦੀ ਖਿਮਾ: ਗੁਰਦੀਪ ਸਿੰਘ ਜਗਬੀਰ (ਡਾ.)**

ਆਵਾਜ਼ਿ ਕੌਮ AWAZE QAUM International Newspaper & WEB TV

# ਵਾਤਾਵਰਣ ਦੀ ਸ਼ੁੱਧਤਾ ਲਈ ਹਰ ਮਨੁੱਖ ਆਪਣੇ ਜ਼ਿੰਦਗੀ ਵਿੱਚ ਰੁੱਖ ਲਗਾਉਣੇ ਚਾਹੀਦੇ ਹਨ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ





**ਚੌਕ ਮਹਿਤਾ, 31ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਇਲਾਕੇ ਦੀ ਨਾਮਵਰ ਵਿਦਿਆ ਸੰਸਥਾਵਾਂ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਚੌਕ ਮਹਿਤਾ ਦੇ ਮੁੱਖੀ ਸ, ਹਰਸ਼ਦੀਪ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਪੱਤਰਕਾਕਾ ਨਾਲ ਗੱਲ ਬਾਤ ਕਰਦਿਆਂ ਹੋਇਆਂ ਦੱਸਿਆ ਕਿ ਸਾਨੂੰ ਆਪਣੀ ਜਿੰਦਗੀ ਵਿੱਚ ਫਲਦਾਰ ਫੁੱਲਦਾਰ ਅਤੇ ਛਾਂਦਾਰ ਪੌਦੇ ਲਗਾਉਣੇ ਚਾਹੀਦੇ ਹਨ। ਇਸ ਮੌਕੇ ਤੇ ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਨੂੰ ਕਿਹਾ ਕਿ ਮਨੁੱਖ ਕੁਦਰਤ ਦੀ ਸੰਤਾਨ ਹੈ ਅਤੇ ਕੁਦਰਤ ਵਿੱਚ ਹੀ ਇਸ ਦੇ ਵਿਕਾਸ ਸਿਹਤਮੰਦੀ ਤੇ ਖੁਸ਼ਹਾਲੀ ਦੇ ਤੱਤ ਮੌਜੂਦ ਹਨ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਮਨੁੱਖ ਨੇ ਕੁਦਰਤ ਤੋਂ ਵਿਛੜ ਕੇ ਪਰੇਸ਼ਾਨੀ ਤੇ ਦੁੱਖ ਹੀ ਸਹੇੜੇ ਹਨ। ਉਨ੍ਹਾਂ ਕਿਹਾ ਕਿ ਸੁੱਖ ਲੈਣ ਲਈ ਮਨੁੱਖ ਨੂੰ ਕੁਦਰਤ ਦੀ ਸ਼ਰਨ ਵਿੱਚ ਜਾਣਾ ਹੀ ਪਵੇਗਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਧਰਤੀ ਨੂੰ ਹਰਿਆ ਭਰਿਆ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਤਾਂ ਜੋ ਵਾਤਾਵਰਣ ਸ਼ੁੱਧ ਹੋਵੇ। ਉਨ੍ਹਾਂ ਕਿਹਾ ਕਿ ਫੁੱਲਾਂ ਵਾਲੇ ਪੌਦੇ ਜਿੱਥੇ ਆਪਣੀ ਮਹਿਕ ਨਾਲ ਆਲੇ ਦੁਆਲੇ ਦੀ ਖੁਬਸੁਰਤੀ ਵਧਾਉਂਦੇ ਹਨ ਉੱਥੇ ਰੁੱਖਾ ਦੀਆਂ ਜੜਾਂ ਦੀਆਂ ਦਵਾਈਆਂ ਬਣਾਉਣ ਦੇ ਕੰਮ ਆਉਂਦੀਆਂ ਹਨ। ਇਸ ਮੌਕੇ ਤੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬੀਤੇ ਦਿਨੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਦੇ ਭਾਈਆ ਜੀ

# ਸ. ਗੁਰਵਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ

## ਅਕਾਲਪੁਰਖ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ : ਚੀਮਾ














ਬੀਤੇ ਦਿਨੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਦੇ ਭਾਈਆ ਜੀ ਸ. ਗੁਰਵਿੰਦਰ ਸਿੰਘ ਅਚਾਨਕ ਸਾਨੂੰ ਸਭ ਨੂੰ ਸਦੀਵੀ ਵਿਛੋੜਾ ਦੇ ਗਏ ਸਨ । ਅੱਜ ਉਹਨਾਂ ਦੇ ਅੰਤਿਮ ਸੰਸਕਾਰ ਮੌਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾ. ਦਲਜੀਤ ਸਿੰਘ ਜੀ ਚੀਮਾ ਨੇ ਸੀਨੀਅਰ ਆਗੂਆਂ ਸਮੇਤ ਸ਼ਮੂਲੀਅਤ ਕਰਕੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ । ਅਕਾਲਪੁਰਖ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਸਰਕਾਰ ਦੁਆਰਾ ਲਿਆਂਦੀ ਗਈ ਲੈਂਡ ਪੂਲਿੰਗ ਪੋਲਸੀ ਦੇ ਵਿਰੋਧ ਵਿੱਚ

# ਸੰਯੁਕਤ ਕਿਸਾਨ ਮੋਰਚਾ ਜਿਲਾ ਫਿਰੋਜ਼ਪੁਰ ਵੱਲੋਂ ਸੈਂਕੜੇ ਟਰੈਕਟਰਾਂ ਨਾਲ ਟਰੈਕਟਰ ਮਾਰਚ



**ਫਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ)**-ਪੰਜਾਬ ਸਰਕਾਰ ਦੁਆਰਾ ਲਿਆਂਦੀ ਗਈ ਲੈਂਡ ਪੂਲਿੰਗ ਪੋਲਸੀ ਦੇ ਵਿਰੋਧ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ ਜਿਲਾ ਫਿਰੋਜ਼ਪੁਰ ਵੱਲੋਂ ਸੈਂਕੜੇ ਟਰੈਕਟਰਾਂ ਨਾਲ ਟਰੈਕਟਰ ਮਾਰਚ ਕੀਤਾ ਗਿਆ ਜਿਸ ਵਿੱਚ ਮੋਟਰਸਾਈਕਲ ਤੇ ਗੱਡੀਆਂ ਲੈ ਕੇ ਵੀ ਕਿਸਾਨਾਂ ਨੇ ਸ਼ਮੂਲੀਅਤ ਕੀਤੀ ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਜੋ ਪੰਜਾਬ ਸਰਕਾਰ ਕਿਸਾਨਾਂ ਦੀਆਂ ਜਮੀਨਾਂ ਖੋਹ ਕੇ ਅਰਬਨ ਸਟੇਟ ਬਣਾਉਣ ਜਾ ਰਹੀ ਹੈ ਉਸ ਦੇ ਵਿਰੋਧ ਵਿੱਚ ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਦਾਣਾ ਮੰਡੀ ਫਿਰੋਜਪੁਰ ਛਾਉਣੀ ਤੋਂ ਟਰੈਕਟਰ ਮਾਰਚ ਰਵਾਨਾ ਹੋ ਕੇ ਡੀਸੀ ਦਫਤਰ ਫਿਰੋਜਪੁਰ ਵਿਖੇ ਸਮਾਪਤ ਹੋਇਆ ਉਹਨਾਂ ਕਿਹਾ ਕਿ ਜਿਵੇਂ ਪਹਿਲਾਂ ਬੀ ਜੇ ਪੀ ਦੀ ਕੇਂਦਰ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ ਸਨ ਜੋ ਕਿਸਾਨਾਂ ਦੀਆਂ ਜਮੀਨਾਂ ਖੋਹਣ ਲਈ ਲਿਆਂਦੇ ਗਏ ਸਨ 13 ਮਹੀਨੇ ਕਿਸਾਨ ਅੰਦੋਲਨ ਚੱਲਣ ਤੇ ਮੋਦੀ ਸਰਕਾਰ ਨੂੰ ਵਾਪਸ ਲੈਣੇ ਪਏ ਸਨ। ਬਿਲਕੁਲ ਉਸੇ ਨੀਤੀ ਤਹਿਤ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੀ ਕਠਪੁਤਲੀ ਬਣ ਕੇ ਲੈਂਡ ਪੋਲਿੰਗ ਪੋਲਸੀ ਲੈ ਕੇ ਆਂਦੀ ਹੈ ਜੋ ਕਿਸਾਨਾਂ ਦੀ 65 ਹਜਾਰ ਏਕੜ ਦੇ ਕਰੀਬ ਜਮੀਨ ਹੜੱਪਣ ਦੀ ਤਿਆਰੀ ਵਿੱਚ ਹੈ ਜਿਸ ਨੂੰ ਅਖਬਾਰਾਂ ਵਿੱਚ ਅਕਵਾਈਰ ਵੀ ਕਰ ਦਿੱਤਾ ਗਿਆ ਹੈ। ਇਸ ਪਾਲਸੀ ਤਹਿਤ ਜਦ ਅਕਵਾਇਰ ਜਮੀਨ ਖਸਰਾ ਨੰਬਰ ਸਮੇਤ ਅਖਬਾਰ ਨਿਊਜ਼ ਪੇਪਰਾਂ ਵਿੱਚ ਦਰਜ ਹੋ ਜਾਵੇ ਤਾਂ ਕਿਸਾਨ ਆਪਣੀ ਜਮੀਨ ਉੱਪਰ ਨਾ ਤਾਂ ਲਿਮਿਟ ਬਣਾ ਸਕਦਾ ਨਾ ਲੋਨ ਲੈ ਸਕਦਾ ਹੈ ਅਤੇ ਨਾ ਹੀ ਕਿਸਾਨ ਜਮੀਨ ਵੇਚ ਸਕਦਾ ਹੈ। ਸੰਯੁਕਤ ਕਿਸਾਨ ਮੋਰਚੇ ਦੇ ਬੈਨਰ ਹੇਠ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੈਂਡ ਪੂਲਿੰਗ ਪੋਲਸੀ ਨੂੰ ਵਾਪਸ ਲੈਣ ਲਈ ਮਜਬੂਰ ਕਰ ਦੇਵਾਂਗੇ ਕਿਉਂਕਿ ਅੱਜ ਦਾ ਟਰੈਕਟਰ ਮਾਰਚ ਅਗਲੇ ਅੰਦੋਲਨ ਦਾ ਬਿਗਲ ਹੈ ਜੋ ਅੱਜ ਸੰਯੁਕਤ ਕਿਸਾਨ ਮੋਰਚੇ ਵੱਲੋਂ ਵਜਾ ਦਿੱਤਾ ਗਿਆ ਹੈ। ਜਦੋਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ ਸਨ ਉਸ ਵਕਤ ਪੰਜਾਬ ਵਿੱਚ ਦਿੱਲੀ ਅੰਦੋਲਨ ਲੱਗਣ ਤੋਂ ਦੋ ਮਹੀਨੇ ਪਹਿਲਾਂ ਹਰੇਕ ਵਰਗ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ ਸੀ ਤਿੰਨ ਕਨੂੰਨਾਂ ਬਾਰੇ ਜਾਣਕਾਰੀ ਸਹਿਤ ਲੋਕਾਂ ਨੂੰ ਸਮਝਾਇਆ ਗਿਆ ਸੀ ਇਸੇ ਲਈ ਲੈਂਡ ਪੂਲਿੰਗ ਪੋਲਸੀ ਨੂੰ ਮੁੱਢੋਂ ਹੀ ਰੱਦ ਕਰਾਉਣ ਲਈ ਅੱਜ ਦਾ ਟਰੈਕਟਰ ਮਾਰਚ ਕੀਤਾ ਗਿਆ ਹੈ। ਸੰਘਰਸ਼ ਵਿੱਢਣ ਦੀ ਤਿਆਰੀ ਸ਼ੁਰੂ ਹੋ ਗਈ ਹੈ।24 ਅਗਸਤ ਨੂੰ ਜਿਸ ਇਲਾਕੇ ਦੀ ਜਿਆਦਾ ਜਮੀਨ ਇਸ ਨੀਤੀ ਤਹਿਤ ਅਕੁਾਇਰ ਕਰਨ ਦੀ ਕੋਸ਼ਿਸ਼ ਕੀਤੀ ਹੈ ਉਸ ਇਲਾਕੇ ਮੁੱਲਾਂਪੁਰ ਦਾਖਾ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਵੱਡੀ ਪੱਧਰ ਰੈਲੀ ਤੇ ਕਿਸਾਨ ਮਹਾ ਪੰਚਾਇਤ ਕੀਤੀ ਜਾਵੇਗੀ। ਜਿਸ ਦੀ ਤਿਆਰੀ ਲਈ ਵੱਡੀ ਪੱਧਰ ਤੇ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਆਖਿਆ ਕਿ ਪੰਜਾਬ ਸਰਕਾਰ ਇਸ ਲੈਂਡ ਪੂਲਿੰਗ ਪਾਲਸੀ ਨੂੰ ਵਾਪਸ ਲਏ ਨਹੀਂ ਤਾਂ ਵੱਡੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ ਅਸੀਂ ਕਿਸੇ ਵੀ ਕੀਮਤ ਤੇ ਕਿਸਾਨਾਂ ਦੀਆਂ ਜਮੀਨਾਂ ਹੜੱਪਣ ਨਹੀਂ ਦੇਵਾਂਗੇ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਦੇ ਕਿਸੇ ਵੀ ਮੰਤਰੀ ਐਮ ਐਲ ਏ ਨੂੰ ਪਿੰਡਾਂ ਵਿੱਚ ਵੜਨ ਨਹੀਂ ਦਿੱਤਾ ਜਾਵੇਗਾ ਅੱਜ ਦੇ ਇਸ ਟਰੈਕਟਰ ਮਾਰਚ ਵਿੱਚ ਪਿੰਡ ਸਤੀਏ ਵਾਲਾ ਤੋਂ ਪਿੰਡ ਦਸਤੂਲ ਸਾਹਿਬ ਡੂਮਣੀ ਵਾਲਾ ਤੋਂ ਅਤੇ ਪਿੰਡ ਮੋਹਕਮ ਖਾਂ ਵਾਲਾ ਤੋਂ ਕਿਸਾਨ ਟਰੈਕਟਰਾਂ ਸਮੇਤ ਇਸ ਟਰੈਕਟਰ ਮਾਰਚ ਵਿੱਚ ਸ਼ਾਮਿਲ ਹੋਏ ਇਸ ਮੌਕੇ ਅਮਰੀਕ ਸਿੰਘ ਲੱਖੋਵਾਲ ਅਵਤਾਰ ਸਿੰਘ ਮਹਿਮਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਕਿਰਪਾ ਸਿੰਘ ਨੱਥੂਵਾਲਾ ਗੁਰਵਿੰਦਰ ਸਿੰਘ ਖਹਿਰਾ ਕਾਦੀਆਂ ਸੁਖਮੰਦਰ ਸਿੰਘ ਬੂਟਾਵਾਲਾ ਜਸਕਰਨ ਸਿੰਘ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਪ੍ਰਗਟ ਸਿੰਘ ਸੂਬਾ ਸਕੱਤਰ ਰਾਜੇਵਾਲ ਪ੍ਰਗਟ ਸਿੰਘ ਲਹਿਰਾ ਭਾਰਤੀ ਕਿਸਾਨ ਯੂਨੀਅਨ ਪੰਜਾਬ ਗੁਰਦਿੱਤ ਸਿੰਘ ਜਨਰਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਮੇਜਰ ਸਿੰਘ ਰੰਧਾਵਾ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਕਾਰ ਸਿੰਘ ਜੋਧਪੁਰ ਹਰਬੰਸ ਸਿੰਘ ਜੋਧਪੁਰ ਪਰਨੀਤ ਸਿੰਘ ਭੜਾਣਾ ਗੁਲਜ਼ਾਰ ਸਿੰਘ ਕੱਬਰ ਵੱਛਾ ਜਤਿੰਦਰ ਸਿੰਘ ਕੜਮਾ ਆਦੀ ਹਾਜਰ ਸਨ।

ਲਾਲ ਕਿੱਲੇ ਤੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮਾਂ ’ਚ

# ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਹੋਣਗੇ ਸ਼ਾਮਲ

**ਨਵੀਂ ਦਿੱਲੀ, 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਵੱਲੋਂ ਅੱਜ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਵੰਬਰ ਮਹੀਨੇ ਦੇ ਅਖੀਰਲੇ ਹਫਤੇ ਵਿਚ ਹੋਣ ਵਾਲੇ ਸਮਾਗਮਾਂ ਨੂੰ ਲੈ ਕੇ ਉੱਚ ਪੱਧਰੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਦੱਸਿਆ ਗਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਇਹਨਾਂ ਪ੍ਰੋਗਰਾਮਾ ਵਿਚ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਣਗੇ। ਇਸ ਮੀਟਿੰਗ ਵਿਚ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਸ੍ਰੀ ਕਪਿਲ ਮਿਸ਼ਰਾ, ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਰਾਜ ਸਭਾ ਐਮ ਪੀ ਸਰਦਾਰ ਵਿਕਰਮਜੀਤ ਸਿੰਘ ਸਾਹਨੀ, ਸਾਬਕਾ ਐਮ ਪੀ ਸਰਦਾਰ ਤਰਲੋਚਨ ਸਿੰਘ ਸਮੇਤ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਹੋਈਆਂ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਇਹ ਦਿੱਲੀ ਦੇ ਲੋਕਾਂ ਦਾ ਸੁਭਾਗ ਹੈ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਭਾਰਤ ਵਿਚ ਹਿੰਦੂ ਧਰਮ ਦੀ ਰਾਖੀ ਵਾਸਤੇ ਆਪਣੀ ਸ਼ਹਾਦਤ ਦਿੱਤੀ ਸੀ ਤੇ ਅੱਜ ਦਿੱਲੀ ਦੇ ਲੋਕ ਹੀ 350 ਸ਼ਹੀਦੀ ਦਿਹਾੜਾ ਮਨਾਉਣ ਦਾ ਸੁਭਾਗ ਪ੍ਰਾਪਤ ਕਰ ਰਹੇ ਹਨ। ਉਹਨਾਂ ਕਿਹਾ ਦਿੱਲੀ ਦੇ ਇਤਿਹਾਸ ਵਿਚ ਇਹ ਪਹਿਲੀ ਵਾਰ ਹੈ ਜਦੋਂ ਦਿੱਲੀ ਸਰਕਾਰ ਨੂੰ ਇਹ ਦਿਹਾੜਾ ਮਨਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਕਿਹਾ ਕਿ ਪਹਿਲੀ ਵਾਰ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ ਜੋ ਦੁਨੀਆਂ ਭਰ ਵਿਚ ਰਹਿੰਦੇ ਸਮੇਂ ਤੱਕ ਯਾਦ ਰੱਖੇ ਜਾਣਗੇ। ਇਸ ਮੌਕੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਤੇ ਸ੍ਰੀ ਕਪਿਲ ਮਿਸ਼ਰਾ ਨੇ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਅੰਤਿਮ ਸਸਕਾਰ ਦਿੱਲੀ ਵਿਚ ਹੋਇਆ ਸੀ ਤੇ ਦਿੱਲੀ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਪੰਥਕ ਸੰਸਥਾਵਾਂ ਨਾਲ ਮਿਲ ਕੇ ਲਾਲ ਕਿਲ੍ਹੇ ’ਤੇ ਇਹ ਸਮਾਗਮ ਤਿੰਨ ਦਿਨ ਚੱਲੇਗਾ। ਉਹਨਾਂ ਦੱਸਿਆ ਕਿ ਸਮਾਗਮ ਆਪਣੇ ਵਿਚ ਯਾਦਗਾਰੀ ਹੋਵੇਗਾ, ਉਹ ਇਹ ਭਰੋਸਾ ਦੁਆਉਂਦੇ ਹਨ।



ਇਸ ਮੌਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਲਾਲ ਕਿਲ੍ਹੇ ਦੇ ਸਮਾਗਮਾਂ ਤੋਂ ਇਲਾਵਾ ਦਿੱਲੀ ਦੇ ਬਾਹਰੋਂ ਬਹੁਤ ਵੱਡੇ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਪਹੁੰਚਣਗੇ। ਉਹਨਾਂ ਇਹ ਵੀ ਦੱਸਿਆ ਕਿ ਦਿੱਲੀ ਵਿਚ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਇਕ ਵਿਸ਼ੇਸ਼ ਜੰਗਲ ਵੀ ਤਿਆਰ ਕੀਤਾ ਜਾ ਰਿਹਾ ਹੈ ਅਤੇ ਸਿੰਘੂ ਬਾਰਡਰ ’ਤੇ ਸਥਿਤ ਯਾਦਗਾਰ ਦਾ ਨਵੀਨੀਕਰਨ ਕਰਦੇ ਹੋਏ, ਅਜਿਹੀ ਵਿਵਸਥਾ ਕੀਤੀ ਜਾਵੇਗੀ ਕਿ ਵਿਦਿਆਰਥੀ ਜਾ ਕੇ ਗੁਰੂ ਸਾਹਿਬ ਦੇ ਜੀਵਨ ਬਾਰੇ ਅਧਿਐਨ ਕਰ ਸਕਣ। ਉਹਨਾਂ ਦੱਸਿਆ ਕਿ ਇਹਨਾਂ ਸਮਾਗਮਾਂ ਦੇ ਹਿੱਸੇ ਵਜੋਂ ਲਾਈਟ ਐਂਡ ਸਾਊਂਡ ਸ਼ੋਅ ਵੀ ਹੋਣਗੇ, ਕੀਰਤਨ ਸਮਾਗਮ ਹੋਣਗੇ, ਚਿੱਤਰ ਪ੍ਰਦਰਸ਼ਨੀਆਂ ਵੀ ਲੱਗਣਗੀਆਂ। ਸਰਦਾਰ ਸਿਰਸਾ ਤੇ ਸ੍ਰੀ ਕਪਿਲ ਮਿਸ਼ਰਾ ਨੇ ਇਤਿਹਾਸਕ ਫੈਸਲਿਆਂ ਵਾਸਤੇ ਦਿੱਲੀ ਦੇ ਮੁੱਖ ਮੰਤਰੀ ਦਾ ਧੰਨਵਾਦ ਵੀ ਕੀਤਾ ਤੇ ਭਰੋਸਾ ਦੁਆਇਆ ਕਿ ਸਮੁੱਚੀਆਂ ਪੰਥਕ ਜਥੇਬੰਦੀਆਂ ਤੇ ਸੰਗਠਨ ਇਸ ਮਾਮਲੇ ਵਿਚ ਹਰ ਤਰੀਕੇ ਦਾ ਸਹਿਯੋਗ ਕਰਨਗੇ। ਉਹਨਾਂ ਦੱਸਿਆ ਕਿ ਦਿੱਲੀ ਸਰਕਾਰ ਵੱਲੋਂ ਕਲਾ ਤੇ ਸਭਿਆਚਾਰ ਮੰਤਰਾਲਾ ਜੋ ਕਿ ਸ੍ਰੀ ਕਪਿਲ ਮਿਸ਼ਰਾ ਦੇ ਅਧੀਨ ਹੈ, ਵੱਲੋਂ ਇਹ ਪ੍ਰੋਗਰਾਮ ਨੇਪਰੇ ਚੜ੍ਹਾਏ ਜਾਣਗੇ। ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਸਮੇਤ ਸਮੁੱਚੀਆਂ ਪੰਥਕ ਜਥੇਬੰਦੀਆਂ ਇਹਨਾਂ ਪ੍ਰੋਗਰਾਮਾਂ ਵਾਸਤੇ ਵੱਧ ਚੜ੍ਹ ਕੇ ਯੋਗਦਾਨ ਪਾਉਣਗੀਆਂ। ਉਹਨਾਂ ਕਿਹਾ ਕਿ ਇਹ ਜੀਵਨ ਭਰ ਵਿਚ ਪਹਿਲੀ ਵਾਰ ਮਿਲਣ ਵਾਲਾ ਅਜਿਹਾ ਮੌਕਾ ਹੈ ਜਿਸਨੂੰ ਮਾਣ ਕਿ ਸਮੁੱਚੀ ਸੰਗਤ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨਾ ਚਾਹੇਗੀ। ਉਹਨਾਂ ਕਿਹਾ ਕਿ ਅਸੀਂ ਦਿੱਲੀ ਸਰਕਾਰ ਦੇ ਦਿਲੋਂ ਧੰਨਵਾਦੀ ਹਾਂ ਜਿਹਨਾਂ ਵੱਲੋਂ ਇਸ ਉਪਰਾਲੇ ਵਿਚ ਪਹਿਲਕਦਮੀ ਕੀਤੀ ਜਾ ਰਹੀ ਹੈ ਤੇ ਦਿੱਲੀ ਵਿਚ ਵਿਧਾਨ ਸਭਾ ਦੇ ਇਤਿਹਾਸ ਵਿਚ ਪਹਿਲੀ ਵਾਰ ਹੈ ਕਿ ਅਜਿਹੇ ਪ੍ਰੋਗਰਾਮ ਲਾਲ ਕਿਲ੍ਹੇ ’ਤੇ ਆਯੋਜਿਤ ਕੀਤੇ ਜਾਣਗੇ।

# 86ਵੇਂ ਸ਼ਹੀਦੀ ਦਿਹਾੜੇ ’ਤੇ ਸ਼ਹੀਦ ਊਧਮ ਸਿੰਘ ਨੂੰ ਭੇਂਟ ਕੀਤੀ ਸ਼ਰਧਾਂਜਲੀ

☛ ਸ਼ਹੀਦ ਊਧਮ ਸਿੰਘ ਮੈਮੋਰੀਅਲ ਕਮੇਟੀ ਵੱਲੋਂ ਸ਼ਹੀਦ ਨੂੰ ਕੀਤਾ ਸਿਜ਼ਦਾ ☛ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਹਿੰਮਤ ,ਦ੍ਰਿੜਤਾ ਅਤੇ ਦੇਸ਼ ਭਗਤੀ ਦੀ ਯਾਦ ਦਿਵਾਉਂਦੀ ਹੈ; ਐਡਵੋਕੇਟ ਬਲਜੀਤ ਸਿੰਘ ਕੰਬੋਜ਼





**ਫਿਰੋਜ਼ਪੁਰ 31 ਜੁਲਾਈ (ਮਨੋਹਰ ਲਾਲ)**-ਦੇਸ਼ ਦੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਦੇ 86ਵੇਂ ਸ਼ਹੀਦੀ ਦਿਹਾੜੇ ’ਤੇ ਵੀਰਵਾਰ ਨੂੰ ਫਿਰੋਜ਼ਪੁਰ ਵਿਖੇ ਵੱਖ ਵੱਖ ਜਥੇਬੰਦੀਆਂ ਅਤੇ ਕਈ ਸਮਾਜਿਕ ਧਾਰਮਿਕ ਅਤੇ ਸਮਾਜ ਸੇਵੀ ਸ਼ਖਸੀਅਤਾਂ ਵੱਲੋਂ ਸ਼ਹੀਦੇ ਆਜ਼ਮ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ।ਇਸ ਮੋਕੇ ਸੱਭ ਤੋਂ ਪਹਿਲੋਂ ਸ਼ਹੀਦ ਊਧਮ ਸਿੰਘ ਦੀ ਸੋਚ ਨੂੰ ਪ੍ਰਣਾਈ ਸੰਸਥਾ ਸ਼ਹੀਦ ਊਧਮ ਸਿੰਘ ਮੈਮੋਰੀਅਲ ਕਮੇਟੀ ਫਿਰੋਜ਼ਪੁਰ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ ਸ਼ਹੀਦੇ ਆਜ਼ਮ ਨੂੰ ਸ਼ਰਧਾਂਜਲੀ ਦਿੱਤੀ ਗਈ । ਇਸ ਤੋਂ ਪਹਿਲੋਂ ਸੰਗਤਾਂ ਵੱਲੋਂ ਸਵੇਰੇ 11 ਸਥਾਨਕ ਸ਼ਹੀਦ ਊਧਮ ਸਿੰਘ ਚੌਂਕ ਪਹੁੰਚ ਕੇ ਸ਼ਹੀਦ ਦੇ ਬੁੱਤ ’ਤੇ ਫੁੱਲ ਮਾਲਾ ਪਾਈਆਂ ਗਈਆਂ।ਇਸ ਮੋਕੇ ਵੱਖ ਵੱਖ ਸਮਾਜਿਕ ,ਧਾਰਮਿਕ ਅਤੇ ਸਮਾਜ ਸੇਵੀ ਸ਼ਖਸੀਅਤਾਂ ਨੇ ਸ਼ਹੀਦੇ ਆਜ਼ਮ ਨੂੰ ਸਿਜ਼ਦਾ ਕੀਤਾ। ਇਸ ਮੋਕੇ ਐਡਵੋਕੇਟ ਬਲਜੀਤ ਸਿੰਘ ਕੰਬੋਜ਼ ਨੇ ਦੱਸਿਆ ਕਿ ਸ਼ਹੀਦ ਊਧਮ ਸਿੰਘ ਨੇ 13 ਮਾਰਚ 1940 ਨੂੰ ਲੰਦਨ ਵਿਚ ਮਾਈਕਲ ਓ’ਡਵਾਇਰ ਦੀ ਹੱਤਿਆ ਕਰਕੇ 1919 ਦੇ ਜਲਿਆਣਵਾਲਾ ਬਾਗ ਕਤਲੇਆਮ ਦਾ ਬਦਲਾ ਲਿਆ ਸੀ। 31 ਜੁਲਾਈ 1940 ਨੂੰ ਉਨ੍ਹਾਂ ਨੂੰ ਲੰਡਨ ਦੇ ਪੈਂਟਨਵਿਲਾ ਜੇਲ੍ਹ ਵਿਚ ਫਾਂਸੀ ਦਿੱਤੀ ਗਈ। ਉਨ੍ਹਾਂ ਦੀ ਇਹ ਕੁਰਬਾਨੀ ਨਾ ਸਿਰਫ ਪੰਜਾਬੀ, ਸਗੋਂ ਸਾਰੀ ਦੁਨੀਆ ਦੇ ਅਜ਼ਾਦੀ ਪਸੰਦ ਲੋਕਾਂ ਲਈ ਪ੍ਰੇਰਣਾ ਦਾ ਸਰੋਤ ਬਣੀ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿਚ ਅੱਜ ਦੇ ਦਿਨ ਲੋਕਾਂ ਵੱਲੋਂ ਰੈਲੀਆਂ ਕੱਢੀਆਂ ਗਈਆਂ, ਨਾਟਕ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੇ ਇਕ ਵਾਰ ਫਿਰ ਲੋਕਾਂ ਨੂੰ ਯਾਦ ਦਿਵਾਇਆ ਹੈ ਕਿ ਦੇਸ਼ ਦੇ ਮਹਾਨ ਸਪੂਤਾਂ ਦੀ ਕੁਰਬਾਨੀ ਤੋਂ ਬਿਨ੍ਹਾਂ ਅਜ਼ਾਦੀ ਸੌਖੀ ਨਹੀਂ ਸੀ। ਇਸ ਮੋਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਐਡਵੋਕੇਟ ਬਲਜੀਤ ਸਿੰਘ ਕੰਬੋਜ਼, ਪਰਮਿੰਦਰ ਸਿੰਘ ਥਿੰਦ, ਸੁੱਚਾ ਸਿੰਘ ਟਿੱਬੀ ਚੇਅਰਮੈਨ, ਗੁਰਭੇਜ ਸਿੰਘ ਟਿੱਬੀ , ਜਸਬੀਰ ਸਿੰਘ ਜੋਸਨ, ਬਲਵਿੰਦਰ ਸਿੰਘ ਕਮੱਗਰ, ਦਵਿੰਦਰ ਸਿੰਘ ਕਮੱਗਰ, ਜਰਨੈਲ ਸਿੰਘ ਸਰਪੰਚ, ਚੰਨਣ ਸਿੰਘ ਕਮੱਗਰ, ਕਸ਼ਮੀਰ ਸਿੰਘ ਕਮੱਗਰ, ਜੋਗਿੰਦਰ ਸਿੰਘ ਨੂਰਪੁਰ ਸੇਠਾਂ, ਪਲਵਿੰਦਰ ਸਿੰਘ ਖੁੱਲਰ, ਹਰਜਿੰਦਰ ਸਿੰਘ ਖਾਲਸਾ, ਸੁੰਦਰ ਲਾਲ ਰੁਕਨਾ ਮੂੰਗਲਾ, ਸਤਨਾਮ ਸਿੰਘ ਰੁਕਨਾ ਮੂੰਗਲਾ, ਗੁਰਦੀਪ ਸਿੰਘ ਭਗਤ, ਦਰਸ਼ਨ ਸਿੰਘ ਥਿੰਦ, ਵਿਸ਼ਾਲਦੀਪ ਬਲੋਸਮ, ਵਰਿਆਮ ਸਿੰਘ, ਅਵਤਾਰ ਸਿੰਘ ਰਾਜ ਟਰੈਵਲ, ਅਮਰੀਕ ਸਿੰਘ ਹੀਰੋ ਕੰਬੋਜ਼ ਨਗਰ, ਗੁਰਦੀਪ ਸਿੰਘ ਜਾਗੋਵਾਲੀਆ,ਗੁਰਦੇਵ ਸਿੰਘ ਸਾਮਾ, ਸੁਖਦੇਵ ਸਿੰਘ ਜੋਸਨ, ਚੰਨਣ ਸਿੰਘ ਸੰਧਾ, ਅੰਗਰੇਜ਼ ਸਿੰਘ ਭੁੱਲਰ, ਮਨਜੀਤ ਸਿੰਘ ਲੂੰਬੜੀਵਾਲਾ, ਰਣਬੀਰ ਸਿੰਘ ਰਾਣਾ ਦੁਲਚੀ ਕੇ, ਦਰਸ਼ਨ ਸਿੰਘ ਢੋਟ, ਪੰਡਿਤ ਅੰਸ਼ੂ ਦੇਵਗਨ, ਜੀਵਨ ਸ਼ਰਮਾ, ਰਮੇਸ਼ ਕੁਮਾਰ ਨੂਰਪੁਰ ਸੇਠਾਂ, ਮੱਖਣ ਚੰਦ ਹਾਂਡ, ਜੋਗਰਾਜ ਸਿੰਘ ਨਾਗਪਾਲ, ਪ੍ਰੋਫੈਸਰ ਬੋਹੜ ਸਿੰਘ, ਤਰਸੇਮ ਸਿੰਘ ਚਾਨਣਾ ਆਦਿ ਹਾਜ਼ਰ ਸਨ।






ਜਨਮ ਦਿਨ ਮੁਬਾਰਕ

ਤਵਨੂਰਜੋਤ ਕੌਰ
ਸਪੁੱਤਰੀ ਸ੍ਰ. ਬਚਿੱਤਰ
ਸਿੰਘ ਸੰਧੂ
ਵਾਸੀ ਪਿੰਡ ਮੁੱਛਲ

ਆਵਾਜ਼ਿ ਕੌਮ AWAZE QAUM International Newspaper & WEB TV

### ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਵੱਲੋਂ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਦਾ ਸੰਕਲਪ

# ਪਿਛਲੀਆਂ ਸਰਕਾਰਾਂ ਨੇ ਪੰਜਾਬ ਵਾਸੀਆਂ ਅਤੇ ਮਹਾਨ ਸ਼ਹੀਦਾਂ ਨੂੰ ਵਿਸਾਰ ਦਿੱਤਾ ਸੀ-ਕੇਜਰੀਵਾਲ

**ਸ਼ਹੀਦ ਊਧਮ ਸਿੰਘ ਵਾਲਾ (ਸੁਨਾਮ) (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਆਪਣੇ ਸੰਕਲਪ ਨੂੰ ਦੁਹਰਾਉਂਦਿਆਂ ਕਿਹਾ ਕਿ ਸਮਾਜ ਦੇ ਹਰੇਕ ਤਬਕੇ ਦੀ ਭਲਾਈ ਨੂੰ ਯਕੀਨੀ ਬਣਾ ਕੇ ਸ਼ਹੀਦਾਂ ਦੇ ਸਾਕਾਰ ਕੀਤੇ ਜਾਣਗੇ।





ਅੱਜ ਇੱਥੇ ਸ਼ਹੀਦ ਊਧਮ ਸਿੰਘ ਵਾਲਾ ਨਗਰ ਦੇ ਵਿਕਾਸ ਲਈ 85 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਆਪਣੇ ਦੇਸ਼ ਨੂੰ ਗੁਲਾਮੀ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਲਾਮਿਸਾਲ ਕੁਰਬਾਨੀ ਦਿੱਤੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਰੱਖੇ ਸਮਾਗਮ ਵਿੱਚ ਸ਼ਿਰਕਤ ਕਰਨਾ ਉਨ੍ਹਾਂ ਲਈ ਬਹੁਤ ਮਾਣ ਤੇ ਸਕੂਨ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਵੱਡੀ ਗਿਣਤੀ ਵਿੱਚ ਪਰਵਾਨਿਆਂ ਨੇ ਕੁਰਬਾਨੀਆਂ ਦਿੱਤੀਆਂ ਤਾਂ ਕਿ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ ਜਿਸ ਨਾਲ ਕਮਜ਼ੋਰ ਅਤੇ ਦੱਬੇ-ਕੁਚਲੇ ਵਰਗਾਂ ਦੀ ਭਲਾਈ ਯਕੀਨੀ ਬਣਾਈ ਜਾ ਸਕੇਗੀ।

ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਆਜ਼ਾਦੀ ਦੇ 75 ਸਾਲ ਬਾਅਦ ਵੀ ਸ਼ਹੀਦਾਂ ਦੇ ਸੁਪਨੇ ਅਜੇ ਅਧੂਰੇ ਹਨ ਕਿਉਂਕਿ ਸੱਤਾ ਭੋਗਣ ਵਾਲੇ ਲੋਕਾਂ ਨੇ ਸਰਕਾਰੀ ਖਜ਼ਾਨੇ ਦੀ ਲੁੱਟ ਕੀਤੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਅਤੇ ਭ੍ਰਿਸ਼ਟਾਚਾਰ ਦੀਆਂ ਅਲਾਮਤਾਂ ਨਾਲ ਪੰਜਾਬ ਨੂੰ ਬਰਬਾਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਿਆਸਤਦਾਨਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਲੋਕਾਂ ਦੇ ਪੈਸੇ ਨੂੰ ਬੇਰਹਿਮੀ ਨਾਲ ਲੁੱਟਿਆ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਕੂਲਾਂ ਅਤੇ ਹਸਪਤਾਲਾਂ ਦੀ ਹਾਲਤ ਬਦ ਤੋਂ ਬਦਤਰ ਹੋ ਗਈ ਸੀ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਨੂੰ ਮਿਆਰੀ ਸਿਹਤ ਅਤੇ ਸਿੱਖਿਆ ਮੁਹੱਈਆ ਕਰਵਾਉਣ ਲਈ ਕਦੇ ਪ੍ਰਵਾਹ ਹੀ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਲੀਡਰਾਂ ਨੇ ਹੀ ਸੂਬੇ ਵਿੱਚ ਨਸ਼ਿਆਂ ਦਾ ਜਾਲ ਫੈਲਾਇਆ ਜਿਸ ਨੇ ਸਾਡੀ ਪੀੜ੍ਹੀਆਂ ਬਰਬਾਦ ਕਰ ਦਿੱਤੀਆਂ।

ਦਿੱਲੀ ਦੇ ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਜਾਣ ਕੇ ਖ਼ੁਸ਼ੀ ਹੋਈ ਹੈ ਕਿ ਪੰਜਾਬ ਵਿੱਚ ਹੁਣ ਨਸ਼ਿਆਂ ਦਾ ਲੱਕ ਟੁੱਟ ਚੁੱਕਾ ਹੈ ਜਿਸ ਲਈ ਸੂਬਾ ਸਰਕਾਰ ਨੂੰ ਸ਼ਾਬਾਸ਼ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਿਸ ਢੰਗ ਨਾਲ ਸੂਬੇ ਵਿੱਚ ਨਸ਼ਾ ਵਿਰੋਧੀ ਮੁਹਿੰਮ ਚਲਾਈ ਗਈ, ਇਸ ਦਾ ਮਿਸਾਲ ਦੇਸ਼ ਦੇ ਇਤਿਹਾਸ ਵਿੱਚ ਨਹੀਂ ਮਿਲਦੀ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬੇ ਵਿੱਚ ਇਮਾਨਦਾਰ ਸਰਕਾਰ ਨੇ ਬਦਨਾਮ ਅਤੇ ਖਤਰਨਾਕ ਨਸ਼ਾ ਸਰਗਣਾ ਨੂੰ ਜੇਲ੍ਹ ਦੀਆਂ ਸ਼ਲਾਖਾਂ ਪਿੱਛੇ ਸੁੱਟਿਆ ਹੈ। ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਕੋਈ ਵੀ ਸਰਕਾਰ ਇਸ ਰਸੂਖਵਾਨ ਸਿਆਸੀ ਲੀਡਰ ਨੂੰ ਹੱਥ ਲਾਉਣ ਦੀ ਹਿੰਮਤ ਨਹੀਂ ਕਰਦੀ ਸੀ ਜੋ ਸੂਬੇ ਵਿੱਚ ਨਸ਼ੇ ਫੈਲਾਉਣ ਦਾ ਸੂਤਰਧਾਰ ਸੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਮਿਸਾਲੀ ਕੰਮ ਕੀਤਾ ਅਤੇ ਨਸ਼ੇ ਦੇ ਕਾਰੋਬਾਰ ਦੀਆਂ ਵੱਡੀਆਂ ਮੱਛੀਆਂ ਨੂੰ ਜੇਲ੍ਹ ਭੇਜਿਆ। ਉਨ੍ਹਾਂ ਕਿਹਾ ਕਿ ਅਜਿਹੇ ਹੋਰ ਲੋਕਾਂ ਖਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ ਜਿਨ੍ਹਾਂ ਨੇ ਸਾਡੇ ਨੌਜਵਾਨਾਂ ਦਾ ਭਵਿੱਖ ਤਬਾਹ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਅਪਰਾਧ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਕੌਮੀ ਕਨਵੀਨਰ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਸ਼ਾਸਨਕਾਲ ਦੌਰਾਨ ਪੰਜਾਬ ਨੇ ਹਰ ਖੇਤਰ ਵਿੱਚ ਇਨਕਲਾਬੀ ਬਦਲਾਅ ਦੇਖੇ ਹਨ। ਉਨ੍ਹਾਂ ਦੱਸਿਆ ਕਿ ਸਕੂਲਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ, ਹਸਪਤਾਲਾਂ ਦੀ ਕਾਇਆਕਲਪ ਕੀਤੀ ਜਾ ਰਹੀ ਹੈ, ਕਿਸਾਨਾਂ ਤੱਕ ਨਹਿਰੀ ਪਾਣੀ ਪਹੁੰਚ ਰਿਹਾ ਹੈ, 20,000 ਕਿਲੋਮੀਟਰ ਪੇਂਡੂ ਸੜਕਾਂ ਅਤੇ ਹੋਰ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਮਾਨਦਾਰ ਸਰਕਾਰ ਸਰਕਾਰੀ ਖਜ਼ਾਨੇ ਦੇ ਇਕ-ਇਕ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਕਰਕੇ ਸ਼ਹੀਦਾਂ ਦੇ ਸੁਪਨੇ ਪੂਰਾ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਭਲਾਈ ਦੇ ਇਨ੍ਹਾਂ ਨੇਕ ਕੰਮਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਅਰਵਿੰਦ ਕੇਜਰੀਵਾਲ ਨੇ ਲੋਕਾਂ ਨੂੰ ਸੁਚੇਤ ਕੀਤਾ ਕਿ ਜੇਕਰ ਕਾਂਗਰਸ ਜਾਂ ਅਕਾਲੀ-ਭਾਜਪਾ ਕਦੇ ਵੀ ਸੂਬੇ ਵਿੱਚ ਸੱਤਾ ਵਿੱਚ ਵਾਪਸ ਆਉਂਦੀ ਹੈ ਤਾਂ ਉਹ ਆਪਣੇ ਨਖਿੱਧ ਕਾਰਗੁਜ਼ਾਰੀ ਰਾਹੀਂ ਪੰਜਾਬ ਵਿੱਚ ਚੱਲ ਰਹੇ ਵਿਕਾਸ ਨੂੰ ਫਿਰ ਤੋਂ ਪਟੜੀ ਤੋਂ ਉਤਾਰ ਦੇਣਗੇ।

ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਖਾਤਰ ਆਪਣੀਆਂ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਭੇਟ ਕਰਨਾ ਸੂਬਾ ਸਰਕਾਰ ਦਾ ਫਰਜ਼ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੇ ਨਾਮ 'ਤੇ ਹਵਾਈ ਅੱਡਿਆਂ, ਯੂਨੀਵਰਸਿਟੀਆਂ ਅਤੇ ਹੋਰ ਸੰਸਥਾਵਾਂ ਦਾ ਨਾਮ ਰੱਖਣਾ ਇਨ੍ਹਾਂ ਨਾਇਕਾਂ ਦੀ ਸ਼ਾਨਾਮੱਤੀ ਵਿਰਾਸਤ ਨੂੰ ਕਾਇਮ ਰੱਖਣ ਲਈ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਨਾਇਕਾਂ ਦੀਆਂ ਕੁਰਬਾਨੀਆਂ ਸਦਕਾ ਹੀ ਦੇਸ਼ ਵਾਸੀ ਅੱਜ ਆਜ਼ਾਦੀ ਦੇ ਫਲ ਦਾ ਆਨੰਦ ਮਾਣ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲੈਣ ਲਈ ਲੰਡਨ ਦੇ ਕੈਕਸਟਨ ਹਾਲ ਵਿੱਚ ਜਾ ਕੇ ਸਰ ਮਾਈਕਲ ਓ'ਡਵਾਇਰ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਅੰਗਰੇਜ਼ਾਂ ਦੀ ਕਠਪੁਤਲੀ ਬਣ ਕੇ ਚੱਲਣ ਵਾਲਿਆਂ ਨੂੰ ਉਹ ਸਰ ਦਾ ਖਿਤਾਬ ਦਿੰਦੇ ਸਨ ਅਤੇ ਅਜਿਹਾ ਹੀ ਇਕ ਖਿਤਾਬ ਉਸ ਪਰਿਵਾਰ ਨੂੰ ਵੀ ਦਿੱਤਾ ਗਿਆ ਸੀ ਜਿਸ ਨੇ ਅਪ੍ਰੈਲ 1919 ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਦੀ ਰਾਤ ਜਨਰਲ ਡਾਇਰ ਲਈ ਖਾਣੇ ਦੀ ਮੇਜ਼ਬਾਨੀ ਕੀਤੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਸੇ ਗੱਦਾਰ ਪਰਿਵਾਰ ਦਾ ਫਰਜ਼ੰਦ, ਜਿਸਨੇ ਪੰਜਾਬ ਵਿੱਚ ਨਸ਼ਿਆਂ ਨੂੰ ਸਰਪ੍ਰਸਤੀ ਦਿੱਤੀ, ਨੌਜਵਾਨਾਂ ਦੀਆਂ ਜ਼ਿੰਦਗੀਆਂ ਬਰਬਾਦ ਕਰਨ ਦੇ ਜੁਰਮ ਵਿੱਚ ਹੁਣ ਨਾਭਾ ਜੇਲ੍ਹ 'ਚ ਬੰਦ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਲਗਾਤਾਰ ਕੈਕਸਟਨ ਹਾਲ ਜਾਂਦੇ ਰਹੇ ਹਨ ਜਿੱਥੇ ਸ਼ਹੀਦ ਊਧਮ ਸਿੰਘ ਨੇ ਜਨਰਲ ਡਾਇਰ ਨੂੰ ਮਾਰ ਕੇ ਲੱਖਾਂ ਭਾਰਤੀਆਂ ਦਾ ਬਦਲਾ ਲਿਆ ਸੀ। ਉਨ੍ਹਾਂ ਕਿਹਾ ਕਿ ਇਹ ਮੰਦਭਾਗਾ ਹੈ ਕਿ ਆਜ਼ਾਦੀ ਦੇ 75 ਵਰ੍ਹੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਆਜ਼ਾਦੀ ਦਾ ਫਲ ਅਸਲ ਮਾਇਨੇ ਵਿੱਚ ਹਰ ਘਰ ਤੱਕ ਨਹੀਂ ਪਹੁੰਚਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀਤੇ ਸਮਿਆਂ ਵਿੱਚ ਸੱਤਾ ਵਿੱਚ ਬੈਠੇ ਲੋਕਾਂ ਨੇ ਚਿੱਟੇ ਵਰਗੇ ਨਸ਼ੇ ਫੈਲਾਉਣ, ਲੋਕਾਂ ਦੀ ਲੁੱਟ-ਖਸੁੱਟ ਕਰਨ, ਭ੍ਰਿਸ਼ਟਾਚਾਰ ਅਤੇ ਹੋਰ ਲਾਹਨਤਾਂ ਨੂੰ ਉਤਸ਼ਾਹਿਤ ਕਰਨ ਲਈ ਆਜ਼ਾਦੀ ਦੀ ਦੁਰਵਰਤੋਂ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੇ ਹੁਣ ਤੱਕ ਦੇ ਪ੍ਰਧਾਨ ਮੰਤਰੀ ਲਾਲ ਕਿਲ੍ਹੇ ਦੀ ਫ਼ਸੀਲ ਤੋਂ ਆਪਣੇ ਆਜ਼ਾਦੀ ਦਿਹਾੜੇ ਦੇ ਭਾਸ਼ਣਾਂ ਵਿੱਚ ਇਕੋ-ਜਿਹੇ ਬਿਆਨ ਦਿੰਦੇ ਆਏ ਹਨ। ਉਨ੍ਹਾਂ ਕਿਹਾ ਕਿ ਇਹ ਵਧੇਰੇ ਅਫ਼ਸੋਸ ਦੀ ਗੱਲ ਹੈ ਕਿ ਇਨ੍ਹਾਂ ਆਗੂਆਂ ਨੇ ਲੋਕਾਂ ਨੂੰ ਸਿਰਫ਼ ਡਰਾਮੇ ਹੀ ਦਿੱਤੇ ਹਨ ਅਤੇ ਜਨਤਾ ਅਜੇ ਵੀ ਮੁੱਢਲੀਆਂ ਸਹੂਲਤਾਂ ਤੋਂ ਵਾਂਝੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਵਰਗੇ ਸ਼ਹੀਦਾਂ ਦੇ ਸੁਪਨੇ ਅਜੇ ਵੀ ਸਾਕਾਰ ਨਹੀਂ ਹੋਏ ਕਿਉਂਕਿ ਇਨ੍ਹਾਂ ਲੋਕਾਂ ਨੇ ਇਸ ਲਈ ਕਦੇ ਕੋਈ ਠੋਸ ਯਤਨ ਨਹੀਂ ਕੀਤੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਅਣਥੱਕ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਦਾ ਹਰ ਹਿੱਸੇ 'ਤੇ ਮਹਾਨ ਗੁਰੂਆਂ, ਸੰਤਾਂ, ਪੀਰਾਂ ਅਤੇ ਸ਼ਹੀਦਾਂ ਦੇ ਨਿਸ਼ਾਨ ਹਨ, ਜਿਨ੍ਹਾਂ ਨੇ ਸਾਨੂੰ ਜ਼ੁਲਮ, ਬੇਇਨਸਾਫ਼ੀ ਅਤੇ ਅੱਤਿਆਚਾਰ ਦਾ ਡਟ ਕੇ ਵਿਰੋਧ ਕਰਨ ਦਾ ਰਸਤਾ ਦਿਖਾਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਸਰਬਪੱਖੀ ਵਿਕਾਸ ਅਤੇ ਇਥੋਂ ਦੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਿਹਤ, ਸਿੱਖਿਆ, ਰੋਜ਼ਗਾਰ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਨੂੰ ਦੇਸ਼ ਦੀ ਰਾਜਨੀਤੀ ਦੇ ਕੇਂਦਰ ਬਿੰਦੂ 'ਤੇ ਲਿਆਉਣ ਦਾ ਸਿਹਰਾ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਖੇਤਰ ਉਨ੍ਹਾਂ ਦੀ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਹਨ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਦੂਜੀਆਂ ਰਾਜਨੀਤਿਕ ਪਾਰਟੀਆਂ ਨੇ ਹਮੇਸ਼ਾ ਨਫ਼ਰਤ ਅਤੇ ਫੁੱਟ ਪਾਊ ਏਜੰਡੇ ਨੂੰ ਅੱਗੇ ਵਧਾਇਆ ਹੈ, ਉੱਥੇ ਸ੍ਰੀ ਕੇਜਰੀਵਾਲ ਦੀ ਅਗਵਾਈ ਵਿੱਚ 'ਆਪ' ਨੇ ਇਨ੍ਹਾਂ ਖੇਤਰਾਂ ਨੂੰ ਤਰਜੀਹ ਦੇ ਕੇ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੱਤੀ ਹੈ।

ਇੱਕ ਹੋਰ ਵੱਡੀ ਭਲਾਈ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਗੱਲ ਕਰਦਿਆਂ ਕਿਹਾ ਇਹ ਦੇਸ਼ ਦੀ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ ਜੋ ਪੰਜਾਬ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ। ਉਨ੍ਹਾਂ ਮਾਣ ਨਾਲ ਕਿਹਾ ਕਿ ਪੰਜਾਬ ਅਜਿਹਾ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਵਾਲਾ ਪਹਿਲਾ ਭਾਰਤੀ ਸੂਬਾ ਹੈ, ਜੋ ਮਿਆਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਂਦਿਆਂ ਜਨਤਾ 'ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਹੁਣ ਤੱਕ 55,000 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਇਸਦੇ ਨਾਲ ਹੀ ਸੂਬੇ ਭਰ ਵਿੱਚ ਸਕੂਲਾਂ ਦਾ ਨਵੀਨੀਕਰਨ ਕੀਤਾ ਗਿਆ ਹੈ ਅਤੇ ਹੁਣ ਟੇਲਾਂ 'ਤੇ ਵਸਦੇ ਕਿਸਾਨਾਂ ਨੂੰ ਵੀ ਨਹਿਰੀ ਪਾਣੀ ਮਿਲ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਦੇ 90 ਫੀਸਦ ਪਰਿਵਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਹੇ ਹਨ ਅਤੇ ਇਸ ਸਭ ਤੋਂ ਇਲਾਵਾ ਹੋਰ ਕਈ ਲੋਕ-ਪੱਖੀ ਪਹਿਲਕਦਮੀਆਂ ਲਗਾਤਾਰ ਜਾਰੀ ਹਨ।

ਉਨ੍ਹਾਂ ਕਿਹਾ ਕਿ ਪੰਜਾਬੀ ਜਨਮ ਤੋਂ ਹੀ ਮਿਹਨਤੀ ਅਤੇ ਅਗਵਾਈ ਕਰਨ ਵਾਲੇ ਰਹੇ ਹਨ ਅਤੇ ਆਪਣੇ ਇਸ ਸੁਭਾਅ ਕਰਕੇ ਹੀ ਉਨ੍ਹਾਂ ਨੇ ਦੁਨੀਆ ਭਰ ਦੇ ਹਰ ਖੇਤਰ ਵਿੱਚ ਮੱਲਾਂ ਮਾਰੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਆਪਣੀ ਸਖ਼ਤ ਮਿਹਨਤ ਅਤੇ ਸਿਰੜੀ ਸੁਭਾਅ ਨਾਲ ਹਰ ਖੇਤਰ ਵਿੱਚ ਵੱਡਾ ਨਾਮ ਕਮਾਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਤਰੱਕੀ ਲਈ ਪੰਜਾਬੀਆਂ ਦੀ ਇਸ ਭਾਵਨਾ ਦੀ ਸਹੀ ਵਰਤੋਂ ਕਰਨ ਅਤੇ 'ਰੰਗਲਾ ਪੰਜਾਬ' ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਸ਼ਹੀਦ ਊਧਮ ਸਿੰਘ ਦੇ ਵਾਰਸਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਇਸ ਪਵਿੱਤਰ ਧਰਤੀ 'ਤੇ ਆਉਣ ਲਈ ਸਵਾਗਤ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਲਾਲਜੀਤ ਸਿੰਘ ਭੁੱਲਰ, ਡਾ. ਰਵਜੋਤ, ਗੁਰਮੀਤ ਸਿੰਘ ਖੁੱਡੀਆਂ, ਹਰਭਜਨ ਸਿੰਘ ਈ.ਟੀ.ਓ., ਬਰਿੰਦਰ ਕੁਮਾਰ ਗੋਇਲ ਅਤੇ ਹਰਦੀਪ ਸਿੰਘ ਮੁੰਡੀਆਂ, ਸੀਨੀਅਰ 'ਆਪ' ਨੇਤਾ ਮਨੀਸ਼ ਸਿਸੋਦੀਆ, ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕਿਸ਼ਨ ਸਿੰਘ ਰੋੜੀ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜਗਦੀਪ ਕੰਬੋਜ ਗੋਲਡੀ, ਪ੍ਰੋਫੈਸਰ ਬਲਜਿੰਦਰ ਕੌਰ ਅਤੇ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

# ਗੁਰਨਾਮ ਸਿੰਘ ਡੱਫਰਕੇ ਦੀ ਅਚਾਨਕ ਮੌਤ ਦੁਖਦਾਈ : ਭੁੱਲਰ



ਫਿਰੋਜ਼ਪੁਰ 31 ਜੁਲਾਈ (ਮਨੋਹਰ ਲਾਲ): ਗੁਰਚਰਨ ਸਿੰਘ ਭੁੱਲਰ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਿਲ੍ਹਾ ਫਿਰੋਜ਼ਪੁਰ ਵੱਲੋ ਗੁਰਨਾਮ ਸਿੰਘ ਡੱਫਰਕੇ ਪੁੱਤਰ ਰੇਸ਼ਮ ਸਿੰਘ ਵਾਸੀ ਪਿੰਡ ਮਹਿਮਾਂ ਦੀ ਅਚਾਨਕ ਐਕਸੀਡੈਂਟ ਹੋਣ ਕਾਰਨ ਹੋਈ ਮੋਤ ਦਾ ਬਹੁਤ ਅਫਸੋਸ ਹੈ ਅਤੇ ਡੱਫਰਕੇ ਪ੍ਰੀਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ । ਕੱਲ ਮਿਤੀ 30-07-2025 ਨੂੰ ਆਪਣੀ ਰਿਸਤੇਦਾਰ ਨੂੰ ਅੰਮ੍ਰਿਤਸਰ ਏਅਰਪੋਰਟ ਤੇ ਚੜਾਉਣ ਗਏ ਸੀ ਅਤੇ ਵਾਪਸੀ ਤਕਰੀਬਰ ਰਾਤ 12 ਵਜੇ ਪਿੰਡ ਲੇਲੀ ਵਾਲਾ ਨਜਦੀਕ ਸਹਾਮਣੇ ਗਲਤ ਸਾਈਡ ਤੋ ਆ ਰਹੀ ਗੱਡੀ ਨੰਬਰ ਪੀ ਬੀ 032™2309 ਹੰਡਾਈ ਵੀਨੂ ਨਾਲ ਆਮੋ ਸਹਾਮਣੇ ਟੱਕਰ ਹੋਣ ਕਾਰਨ ਮੌਕੇ ਤੇ ਮੋਤ ਹੋ ਗਈ ਸੀ । ਗੁਰਨਾਮ ਸਿੰਘ ਦਾ ਸੰਸਕਾਰ ਮਿਤੀ 01-08-2025 ਨੂੰ ਤਕਰੀਬਨ 1 ਵਜੇ ਪਿੰਡ ਮਹਿਮਾਂ ਵਿੱਚ ਕੀਤਾ ਜਾਵੇਗਾ ਜੀ ।

## ਰੋਟਰੀ ਕਲੱਬ ਫਿਰੋਜ਼ਪੁਰ ਨੇ ਦਿੱਤੀ ਮਹਾਨ ਯੋਧੇ ਨੂੰ ਸ਼ਰਧਾਂਜ਼ਲੀ



ਫਿਰੋਜ਼ਪੁਰ 31 ਜੁਲਾਈ (ਮਨੋਹਰ ਲਾਲ): ਸ਼ਹੀਦ ਊਧਮ ਸਿੰਘ ਜੋ ਕਿ ਇਕ ਮਹਾਨ ਭਾਰਤੀ ਕ੍ਰਾਂਤੀਕਾਰੀ ਸਨ, ਜਿਨ੍ਹਾਂ ਨੇ ਜਲ੍ਹਿਆ ਵਾਲੇ ਬਾਗ ਅੰਮ੍ਰਿਤਸਰ ਵਿਚ ਮਾਰੇ ਗਏ ਬੇਦੋਸ਼ੇ ਲੋਕਾਂ ਜਿਨ੍ਹਾਂ ਵਿਚ ਔਰਤਾਂ ਤੇ ਮਾਸੂਮ ਬੱਚੇ ਸ਼ਾਮਲ ਸਨ। ਉਨ੍ਹਾਂ ਮਾਸੂਮ ਦੀਆਂ ਜਾਨਾਂ ਦੇ ਜ਼ਿੰਮੇਵਾਰ ਅੰਗਰੇਜ਼ ਜਨਰਲ ਮਾਇਕਲ ਉ ਡਾਇਰ ਨੂੰ ਮਾਰ ਕੇ ਬਦਲਾ ਲਿਆ ਸੀ। ਜਿਸ ਕਰਕੇ 31 ਜੁਲਾਈ 1940 ਨੂੰ ਅੰਗਰੇਜ਼ੀ ਹਕੂਮਤ ਨੇ ਉਨ੍ਹਾਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਸੀ। ਅੱਜ ਰੋਟਰੀ ਕਲੱਬ ਫਿਰੋਜ਼ਪੁਰ ਵੱਲੋਂ ਪ੍ਰਧਾਨ ਕਿਰਪਾਲ ਸਿੰਘ ਮੱਕੜ ਦੀ ਅਗਵਾਈ ਹੇਠ ਸ਼ਹੀਦ ਊਧਮ ਸਿੰਘ ਚੌਂਕ ਵਿਚ ਲੱਗੇ ਉਨ੍ਹਾਂ ਦੇ ਯਾਦਗਾਰੀ ਬੁੱਤ ਨੂੰ ਹਾਰ ਪਾ ਕੇ ਸ਼ਰਧਾਜ਼ਲੀਆਂ ਭੇਟ ਕੀਤੀਆਂ। ਇਸ ਵਿਚ ਸਕੱਤਰ ਰੋਟੇਰੀਅਨ ਸੰਦੀਪ ਸਿੰਗਲਾ, ਰੋਟੇਰੀਅਨ ਸੁਰਿੰਦਰ ਸਿੰਘ ਕਪੂਰ, ਰੋਟੇਰੀਅਨ ਰਾਕੇਸ ਚਾਵਲਾ, ਰੋਟੇਰੀਅਨ ਅਜੇ ਬਜਾਜ ਨੇ ਹਾਜ਼ਰੀ ਲਗਵਾਈ।

# ਪਿੰਡ ਨਿਆਲ 'ਚ 02 ਵਿਅਕਤੀਆਂ ਵੱਲੋਂ ਖੁਦਕੁਸ਼ੀ ਦੇ ਮਾਮਲੇ ਦਾ ਐੱਸ.ਸੀ. ਕਮਿਸ਼ਨ ਨੇ ਲਿਆ ਨੋਟਿਸ

## ਪੁਲਿਸ ਅਧਿਕਾਰੀਆਂ ਨੂੰ ਕਾਨੂੰਨ ਮੁਤਾਬਕ ਸਖ਼ਤ ਕਰਵਾਈ ਦੀਆਂ ਹਦਾਇਤਾਂ



**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਪਿਛਲੇ ਹਫਤੇ ਜ਼ਿਲ੍ਹਾ ਪਟਿਆਲਾ ਦੇ ਪਿੰਡ ਨਿਆਲ ਵਿਖੇ ਵਾਪਰੀ ਘਟਨਾ ਦਾ ਗੰਭੀਰ ਨੋਟਿਸ ਲੈਂਦਿਆਂ ਅਨੁਸੂਚਿਤ ਜਾਤੀ ਕਮਿਸ਼ਨ ਦੇ ਮੈਂਬਰ ਗੁਲਜਾਰ ਸਿੰਘ ਬੌਬੀ ਨੇ ਜ਼ਿਲ੍ਹਾ ਪਟਿਆਲਾ ਪੁਲਿਸ ਨੂੰ ਸਖਤ ਹਦਾਇਤ ਕੀਤੀ ਹੈ ਕਿ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਕਾਨੂੰਨ ਮੁਤਾਬਕ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਸ਼੍ਰੀ ਬੌਬੀ ਨੇ ਦੱਸਿਆ ਕਿ ਪ੍ਰਾਪਤ ਜਾਣਕਾਰੀ ਮੁਤਾਬਕ ਪਿਛਲੇ ਹਫਤੇ ਪਾਤੜਾਂ 'ਚ ਟਰੱਕ ਮਾਲਿਕ ਵੱਲੋਂ ਕਥਿਤ ਤੌਰ ਉੱਤੇ ਅਪਣੇ ਡਰਾਇਵਰ ਅਤੇ ਕਲੀਨਰ 'ਤੇ ਚੋਰੀ ਕਰਨ ਦਾ ਇਲਜ਼ਾਮ ਲਗਾਉਂਦਿਆਂ ਕਥਿਤ ਤੌਰ ਉੱਤੇ ਭੱਦੀ ਸ਼ਬਦਾਵਲੀ ਵਰਤਦਿਆਂ ਕੁੱਟਮਾਰ ਕੀਤੀ, ਜਿਸ ਤੋਂ ਬਾਅਦ ਡਰਾਇਵਰ ਦਵਿੰਦਰ ਸਿੰਘ ਅਤੇ ਕਲੀਨਰ ਹਰਪ੍ਰੀਤ ਸਿੰਘ ਵੱਲੋਂ ਆਤਮ ਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ। ਸ਼੍ਰੀ ਬੌਬੀ ਨੇ ਦੱਸਿਆ ਕਿ ਉਹਨਾਂ ਨੇ ਪਿੰਡ ਨਿਆਲ ਵਿਖੇ ਪੁੱਜ ਕੇ ਦੋਨਾਂ ਪਰਿਵਾਰਾਂ ਨੂੰ ਮਿਲਣ ਤੋਂ ਬਾਅਦ ਮੌਕੇ 'ਤੇ ਪੁਲਿਸ ਅਧਿਕਾਰੀਆਂ ਨੂੰ ਕਾਨੂੰਨ ਮੁਤਾਬਕ ਸਖਤ ਕਾਰਵਾਈ ਕਰਨ ਦੀਆਂ ਹਦਾਇਤਾਂ ਦਿੱਤੀਆਂ ਹਨ।

ਭਾਰਤ ਦੇ ਅਜ਼ਾਦੀ ਦਿਹਾੜੇ ਤੋਂ ਬਾਅਦ 16 ਅਗਸਤ ਨੂੰ

# ਖਾਲਿਸਤਾਨ ਧਿਰਾਂ ਦੀ ਅਮਰੀਕੀ ਮੀਟਿੰਗ : ਕੀ ਬਦਲੇਗਾ ਪੰਜਾਬ ਦਾ ਭਵਿੱਖ ?

**ਲੰਡਨ/ਵਾਸ਼ਿੰਗਟਨ ਡੀ.ਸੀ., 31 ਜੁਲਾਈ (ਸਰਬਜੀਤ ਸਿੰਘ ਬਨੂੜ)**- 2018 ਦੇ ਲੰਡਨ ਐਲਾਨਨਾਮੇ ਤੋਂ ਬਾਅਦ, 31 ਅਕਤੂਬਰ 2024 ਨੂੰ ਲੰਡਨ ਵਿੱਚ ਹੋਈ ਪੰਜਾਬ ਰੈਫਰੈਂਡਮ ਦੀ ਪਹਿਲੀ ਵੋਟਿੰਗ ਨੇ ਇੱਕ ਨਵੀਂ ਇਤਿਹਾਸਕ ਲਕੀਰ ਖਿੱਚ ਦਿੱਤੀ। ਇਹ ਕੇਵਲ ਵੋਟ ਨਹੀਂ ਸੀ, ਇਹ ਸਿੱਖ ਕੌਮ ਦੇ ਮਨ ਦੀ ਆਵਾਜ਼ ਅਤੇ ਖ਼ਾਲਿਸਤਾਨ ਦੀ ਲਹਿਰ ਦਾ ਸਿਆਸੀ ਰੂਪ ਸੀ। ਹੁਣ, ਜਦੋਂ ਭਾਰਤ ਦਾ ਅਜ਼ਾਦੀ ਦਿਹਾੜਾ(15 ਅਗਸਤ)ਆਉਣ ਵਾਲਾ ਹੈ, 16 ਅਗਸਤ




2025 ਨੂੰ ਅਮਰੀਕੀ ਸਰਕਾਰ ਅਤੇ ਖਾਲਿਸਤਾਨੀ ਧਿਰਾਂ ਵਿਚਾਲੇ ਇੱਕ ਅਹਿਮ ਮੀਟਿੰਗ ਨਿਰਧਾਰਤ ਦੱਸੀ ਜਾ ਰਹੀ ਹੈ। ਸੂਤਰਾਂ ਮੁਤਾਬਕ, ਇਹ ਮੀਟਿੰਗ ਨਾ ਸਿਰਫ਼ ਰੈਫਰੈਂਡਮ ਮੁਹਿੰਮ ਨੂੰ ਨਵੀਂ ਦਿਸ਼ਾ ਦੇਵੇਗੀ, ਸਗੋਂ ਇਹ ਪੰਜਾਬ ਦੇ ਭਵਿੱਖ ਦੀਆਂ ਰਾਜਨੀਤਿਕ ਲਕੀਰਾਂ ਵੀ ਤੈਅ ਕਰ ਸਕਦੀ ਹੈ।ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਚਿੱਠੀ ਨੇ 17 ਅਗਸਤ 2025 ਨੂੰ ਵਾਸ਼ਿੰਗਟਨ ਡੀ.ਸੀ. ਵਿੱਚ ਹੋਣ ਵਾਲੀ ਰੈਫਰੈਂਡਮ ਵੋਟਿੰਗ ਨੂੰ ਹੋਰ ਵੀ ਅਹਿਮ ਬਣਾ ਦਿੱਤਾ ਹੈ ਇਹ ਚਿੱਠੀ ਸਿੱਖਸ ਫਾਰ ਜਸਟਿਸ ਦੇ ਅਟਾਰਨੀ ਜਨਰਲ ਗੁਰਪਤਵੰਤ ਸਿੰਘ ਪੰਨੂ ਨੂੰ ਭੇਜੀ ਗਈ, ਜਿਸ ਨੇ ਪੱਛਮੀ ਰਾਜਨੀਤੀ ਵਿੱਚ ਰੈਫਰੈਂਡਮ ਦੇ ਪ੍ਰਭਾਵ ਨੂੰ ਸਪੱਸ਼ਟ ਕਰ ਦਿੱਤਾ ਹੈ। ਇਹ ਵਿਕਾਸ ਭਾਰਤ ਸਰਕਾਰ ਲਈ ਵੱਡੀ ਚੁਣੌਤੀ ਬਣ ਰਹੇ ਹਨ, ਕਿਉਂਕਿ ਵਿਦੇਸ਼ੀ ਮੰਚਾਂ 'ਤੇ ਹੁਣ ਪੰਜਾਬ ਦਾ ਮਸਲਾ ਸਿਰਫ਼ ਅੰਦਰੂਨੀ ਮਾਮਲਾ ਨਹੀਂ ਰਹਿ ਗਿਆ। ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਡੈਲਟਾ ਦੇ ਪ੍ਰਧਾਨ ਭਾਈ ਹਰਦੀਪ ਸਿੰਘ ਨਿੱਜਰ ਦੀ ਸ਼ਹਾਦਤ ਸਿਰਫ਼ ਇੱਕ ਪਰਿਵਾਰ ਲਈ ਨਹੀਂ, ਪੂਰੀ ਕੌਮ ਲਈ ਸਦਮਾ ਸੀ। ਉਸ ਲਹੂ ਨੇ 'ਖ਼ਾਲਿਸਤਾਨ' ਦੀ ਲਹਿਰ ਨੂੰ ਨਵੀਂ ਉਚਾਈ ਦਿੱਤੀ ਅਤੇ ਭਾਰਤੀ ਸਰਕਾਰ ਦੀਆਂ ਨੀਤੀਆਂ ਨੂੰ ਆਲਮੀ ਪੱਧਰ 'ਤੇ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ। ਕੈਨੇਡਾ ਤੋਂ ਅਮਰੀਕਾ ਅਤੇ ਯੂਰਪ ਤੱਕ, ਹੁਣ ਹਰ ਉੱਚ ਪੱਧਰ ਦੀ ਭਾਰਤੀ ਮੀਟਿੰਗ ਦਾ ਕੇਂਦਰੀ ਵਿਸ਼ਾ ਖ਼ਾਲਿਸਤਾਨ ਹੀ ਬਣ ਗਿਆ ਹੈ।

**ਭਾਰਤੀ ਦਬਾਅ ਬਨਾਮ ਵਿਦੇਸ਼ੀ ਜਾਗਰੂਕਤਾ**

ਭਾਵੇਂ ਭਾਰਤ ਸਰਕਾਰ ਨੇ ਵਿਦੇਸ਼ੀ ਪੰਜਾਬੀਆਂ ਦੇ ਵੀਜ਼ੇ ਰੱਦ ਕੀਤੇ, ®39 ਕਾਰਡ ਕੱਟੇ, ਅਤੇ UAPA ਤੇ ਸਿੱਖਸ ਫਾਰ ਜਸਟਿਸ ਦੇ ਕਾਰਕੁੰਨਾਂ ਦੀਆਂ ਜਾਇਦਾਦ ਜ਼ਬਤੀ ਵਰਗੀਆਂ ਨੀਤੀਆਂ ਨਾਲ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ, ਪਰ ਇਹ ਯਤਨ ਉਲਟ ਸਿੱਖਾਂ ਦੀ ਰੂਹ ਨੂੰ ਹੋਰ ਮਜ਼ਬੂਤ ਕਰ ਗਏ। ਆਯੋਜਕਾਂ ਦਾ ਕਹਿਣਾ ਹੈ ਜਿਸਦੀ ਜੜ੍ਹ ਸ਼ਹੀਦਾਂ ਦੇ ਲਹੂ ਵਿੱਚ ਹੋਵੇ, ਉਸ ਮੁਹਿੰਮ ਨੂੰ ਕੋਈ ਕਾਨੂੰਨੀ ਤਲਵਾਰ ਨਹੀਂ ਕੱਟ ਸਕਦੀ।

**ਲੰਡਨ ਤੋਂ ਵਾਸ਼ਿੰਗਟਨ ਤੱਕ ਰਾਹ ਯੂ ਐਨ ਓ ਤੱਕ**

31 ਅਕਤੂਬਰ ਦੀ ਪਹਿਲੀ ਵੋਟ ਨੇ ਜੋ ਸੰਦੇਸ਼ ਦਿੱਤਾ, 17 ਅਗਸਤ ਦੀ ਵੋਟ ਉਸ ਨੂੰ ਹੋਰ ਅੰਤਰਰਾਸ਼ਟਰੀ ਬਣਾਏਗੀ। ਇਹ ਕੇਵਲ ਵੋਟਿੰਗ ਨਹੀਂ, ਇਤਿਹਾਸਕ ਦਸਤਾਵੇਜ਼ ਬਣ ਰਹੀ ਹੈ ਜੋ ਭਵਿੱਖ ਵਿੱਚ ਯੂ.ਐਨ.ਓ. ਦੇ ਮੰਚ 'ਤੇ ਗੂੰਜੇਗੀ। ਭਾਰਤ ਲਈ ਚੁਣੌਤੀ ਸਿਰਫ਼ ਰੈਫਰੈਂਡਮ ਨਹੀਂ, ਸਗੋਂ ਇਹ ਆਲਮੀ ਰਾਏ ਹੈ ਜੋ ਹੌਲੀ-ਹੌਲੀ ਭਾਰਤ ਦੇ ਹੱਕ ਵਿੱਚ ਨਹੀਂ ਰਹੀ। ਭਾਈ ਨਿੱਜਰ ਦੀ ਹੱਤਿਆ ਤੋਂ ਬਾਅਦ ਪੱਛਮੀ ਦੇਸ਼ਾਂ ਦਾ ਝੁਕਾਅ ਭਾਰਤ ਵੱਲੋਂ ਉਲਟ ਰਿਹਾ ਹੈ, ਜਿਸ ਦੀ ਤਾਜ਼ਾ ਮਿਸਾਲ ਭਾਰਤ-ਪਾਕਿਸਤਾਨ ਟੈਰਿਫ ਅਤੇ ਰਾਜਨੀਤਿਕ ਸੰਕੇਤ ਹਨ। ਰਾਸ਼ਟਰਪਤੀ ਦੀ ਚਿੱਠੀ ਇਸ ਗੱਲ ਦਾ ਸੰਕੇਤ ਹੈ ਕਿ ਰੈਫਰੈਂਡਮ ਮੁਹਿੰਮ ਹੁਣ ਸਿਰਫ਼ ਪਰਵਾਸੀ ਪੰਜਾਬੀਆਂ ਦੀ ਲਹਿਰ ਨਹੀਂ ਰਹੀ ਇਹ ਕੌਮਕ ਭਵਿੱਖ ਅਤੇ ਆਲਮੀ ਸਿਆਸਤ ਦੀ ਸੱਚਾਈ ਬਣ ਰਹੀ ਹੈ। ਭਾਵੇਂ ਇਸ ਚਿੱਠੀ ਨੂੰ ਨਕਲੀ ਦਸਤਾਵੇਜ਼ ਕਹਿ ਨਕਾਰਿਆ ਜਾ ਰਿਹਾ ਹੈ।

ਲੈਂਡ ਪੂਲਿੰਗ ਪਾਲਸੀ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮੋਗਾ ਵੱਲੋਂ ਸੈਂਕੜੇ ਟਰੈਕਟਰਾਂ ਨਾਲ ਕੀਤਾ ਗਿਆ ਮਾਰਚ

# ਪੰਜਾਬ ਨੂੰ ਅਰਬਨ ਸਟੇਟ ਬਣਨ ਨਹੀ ਦਿੱਤਾ ਜਾਵੇਗਾ - ਐਸ ਕੇ ਐਮ

**ਮੋਗਾ, 31 ਜੁਲਾਈ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**- ਲੈਂਡ ਪੂਲਿੰਗ ਪਾਲਸੀ ਦੇ ਵਿਰੋਧ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮੋਗਾ ਵਲੋਂ ਸੈਂਕੜੇ ਟਰੈਕਟਰਾਂ ਨਾਲ ਟਰੈਕਟਰ ਮਾਰਚ ਕੀਤਾ ਗਿਆ, ਜਿਸ ਵਿੱਚ ਮੋਟਰਸਾਈਕਲ ਤੇ ਗੱਡੀਆਂ ਲੈ ਕੇ ਵੀ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਪ੍ਰੈਸ ਨੂੰ ਪ੍ਰੈਸ ਨੋਟ ਜਰੀਏ ਜਾਣਕਾਰੀ ਦਿੰਦਿਆਂ ਬੀਕੇਯੂ ਉਗਰਾਹਾਂ ਦੇ ਬਲੌਰ ਸਿੰਘ ਘੱਲ ਕਲਾਂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਕੁਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਸੂਰਤ ਸਿੰਘ, ਨਿਰਮਲ ਸਿੰਘ ਮਾਣੂੰਕੇ ਕਾਦੀਆਂ ਨੇ ਆਖਿਆ ਕਿ ਜੋ ਪੰਜਾਬ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਅਰਬਨ ਸਟੇਟ ਬਣਾਉਣ ਜਾ ਰਹੀ ਹੈ, ਉਸ ਦੇ ਵਿਰੋਧ ਵਿੱਚ ਸੰਯੁਕਤ ਮੋਰਚੇ ਦੇ ਸੱਦੇ ਤਹਿਤ ਬੁੱਘੀਪੁਰਾ ਤੋਂ ਰਵਾਨਾ ਹੋ ਕੇ ਵਾਇਆ ਤਲਵੰਡੀ ਭਗੇਰੀਆਂ, ਰੌਲੀ, ਸਮਾਧ ਖੇੜਾ, ਚੁਗਾਵਾਂ ਵਿੱਚ ਦੀ ਹੁੰਦਾ ਹੋਇਆ ਬੁੱਘੀਪੁਰਾ ਚੌਕ ਵਿੱਚ ਸਮਾਪਤ ਹੋਇਆ। ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਆਖਿਆ ਕਿ ਜਿਵੇਂ ਪਹਿਲਾਂ ਬੀਜੇਪੀ ਦੀ ਕੇਂਦਰ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ ਸਨ, ਜੋ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਲਿਆਂਦੇ ਗਏ ਸਨ, ਜੋ ਤੇਰਾਂ ਮਹੀਨੇ ਕਿਸਾਨ ਅੰਦੋਲਨ ਚੱਲਣ ਤੇ ਮੋਦੀ ਸਰਕਾਰ ਨੂੰ ਵਾਪਸ ਲੈਣੇ ਪਏ ਸਨ। ਬਿਲਕੁਲ ਉਸੇ ਨੀਤੀ ਤਹਿਤ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੀ ਕੱਠਪੁਤਲੀ ਬਣ ਕੇ ਲੈਂਡ ਪੂਲਿੰਗ ਪਾਲਸੀ ਲੈ ਕੇ ਆਂਦੀ ਹੈ, ਜੋ ਕਿਸਾਨਾਂ ਦੀ 65000/- ਏਕੜ ਦੇ ਕਰੀਬ ਜ਼ਮੀਨ ਹੜੱਪਣ ਦੀ ਨੀਤੀ ਲਿਆਂਦੀ ਗਈ ਹੈ, ਜਿਸ ਨੂੰ ਅਖ਼ਬਾਰਾਂ ਵਿੱਚ ਐਕਵਾਇਰ ਵੀ ਕਰ ਦਿੱਤਾ ਗਿਆ ਹੈ। ਇਸ ਪਾਲਸੀ ਤਹਿਤ ਜਦ ਐਕਵਾਇਰ ਜ਼ਮੀਨ ਖਸਰਾ ਨੰਬਰ ਸਮੇਤ ਅਖ਼ਬਾਰ, ਨਿਊਜ਼ ਪੇਪਰਾਂ ਵਿੱਚ ਦਰਜ ਹੋ ਜਾਵੇ ਤਾਂ ਕਿਸਾਨ ਆਪਣੀ ਜ਼ਮੀਨ ਉੱਪਰ ਨਾਂ ਤਾਂ ਲਿਮਟ ਬਣਾ ਸਕਦਾ ,ਨਾ ਲੋਨ ਵਗੈਰਾ ਕਰਵਾ ਸਕਦਾ, ਅਤੇ ਨਾ ਹੀ ਕਿਸਾਨ ਜ਼ਮੀਨ ਵੇਚ ਸਕਦਾ ਹੈ। ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਸੂਰਤ ਸਿੰਘ ਨੇ ਆਖਿਆ ਕਿ ਜਿਵੇਂ ਕਿਸਾਨ ਅੰਦੋਲਨ ਦੌਰਾਨ ਮੋਦੀ ਨੇ ਤਿੰਨ ਕਾਲੇ ਕਾਨੂੰਨ ਵਾਪਸ ਲਏ ਸਨ, ਉਸੇ ਤਰ੍ਹਾਂ ਅਸੀਂ ਸੰਯੁਕਤ ਕਿਸਾਨ ਮੋਰਚੇ ਦੇ ਬੈਨਰ ਹੇਠ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੈਂਡ ਪੂਲਿੰਗ ਪਾਲਸੀ ਨੂੰ ਵਾਪਸ ਲੈਣ ਲਈ ਮਜਬੂਰ ਕਰ ਦੇਵਾਂਗੇ, ਕਿਉਂਕਿ ਅੱਜ ਦਾ ਟਰੈਕਟਰ ਮਾਰਚ ਅਗਲੇ ਅੰਦੋਲਨ ਦਾ ਬਿੱਗਲ ਹੈ, ਜੋ ਅੱਜ ਸੰਯੁਕਤ ਮੋਰਚੇ ਵਲੋਂ ਵਜ਼ਾ ਦਿੱਤਾ ਗਿਆ ਹੈ। ਬੀਕੇਯੂ ਉਗਰਾਹਾਂ ਦੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਨੇ ਵੀ ਕਿਹਾ ਕਿ ਜਦੋਂ ਕੇਂਦਰ ਦੀ ਮੋਦੀ ਸਰਕਾਰ ਵਲੋਂ ਤਿੰਨ ਕਾਲੇ ਕਾਨੂੰਨ ਲਿਆਂਦੇ ਗਏ ਸਨ, ਉਸ ਵਕਤ ਪੰਜਾਬ ਵਿੱਚ ਦਿੱਲੀ ਅੰਦੋਲਨ ਲੱਗਣ ਤੋਂ ਦੋ ਮਹੀਨੇ ਪਹਿਲਾਂ ਹਰੇਕ ਵਰਗ, ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ ਸੀ, ਤਿੰਨ ਕਨੂੰਨਾਂ ਬਾਰੇ ਜਾਣਕਾਰੀ ਸਹਿਤ ਲੋਕਾਂ ਨੂੰ ਸਮਝਾਇਆ ਗਿਆ ਸੀ , ਇਸੇ ਲਈ ਲੈਂਡ ਪੂਲਿੰਗ ਪਾਲਸੀ ਨੂੰ ਮੁੱਢੋਂ ਹੀ ਰੱਦ ਕਰਵਾਉਣ ਲਈ ਅੱਜ ਦਾ ਟਰੈਕਟਰ ਮਾਰਚ ਕੀਤਾ ਗਿਆ ਹੈ, ਸੰਘਰਸ਼ ਵਿੱਢਣ ਦੀ ਤਿਆਰੀ ਸ਼ੁਰੂ ਹੋ ਗਈ ਹੈ,24 ਅਗਸਤ ਨੂੰ ਜਿਸ ਇਲਾਕੇ ਦੀ ਜ਼ਿਆਦਾ ਜਮੀਨ ਇਸ ਨੀਤੀ ਤਹਿਤ ਐਕਵਾਇਰ ਕਰਨ ਦੀ ਕੋਸ਼ਿਸ਼ ਕੀਤੀ ਹੈ, ਉਸ ਇਲਾਕੇ ਮੁੱਲਾਂਪੁਰ - ਦਾਖਾ ਵਿੱਚ ਸੰਯੁਕਤ ਮੋਰਚੇ ਵਲੋਂ ਵੱਡੀ ਪੱਧਰ ਰੈਲੀ ਤੇ ਕਿਸਾਨ ਮਹਾਂਪੰਚਾਇਤ ਕੀਤੀ ਜਾਵੇਗੀ, ਜਿਸਦੀ ਤਿਆਰੀ ਲਈ ਵੱਡੀ ਪੱਧਰ ਤੇ ਪਿੰਡ - ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਆਖਿਆ ਕਿ ਪੰਜਾਬ ਸਰਕਾਰ ਇਸ ਲੈਂਡ ਪੂਲਿੰਗ ਪਾਲਸੀ ਨੂੰ ਵਾਪਸ ਲਵੇ, ਨਹੀਂ ਤਾਂ ਵੱਡੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ, ਅਸੀਂ ਕਿਸੇ ਵੀ ਕੀਮਤ ਤੇ ਕਿਸਾਨਾਂ ਦੀ ਇੰਚ ਜ਼ਮੀਨ ਹੜੱਪਣ ਨਹੀਂ ਦੇਵਾਂਗੇ, ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਦੇ ਕਿਸੇ ਵੀ ਮੰਤਰੀ,ਐਮ ਐਲ ਏ ਨੂੰ ਪਿੰਡਾਂ ਵਿੱਚ ਵੜਨ ਨਹੀਂ ਦਿੱਤਾ ਜਾਵੇਗਾ। ਅੱਜ ਦੇ ਟਰੈਕਟਰ ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਤੇ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ, ਨਿਰਮਲ ਸਿੰਘ ਮਾਣੂੰਕੇ ਬੀਕੇਯੂ ਕਾਦੀਆਂ,ਬਲਰਾਜ ਸਿੰਘ ਸਕੱਤਰ ਕੌਮੀ ਕਿਸਾਨ ਯੂਨੀਅਨ, ਸੁਖਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬੀਕੇਯੂ ਰਾਜੇਵਾਲ, ਇਕਬਾਲ ਸਿੰਘ ਸਿੰਘਾਂਵਾਲਾ, ਗੁਰਦੇਵ ਸਿੰਘ ਉਗਰਾਹਾਂ, ਕੁਲਜੀਤ ਸਿੰਘ ਪੰਡੋਰੀ, ਔਰਤ ਵਿੰਗ ਦੇ ਛਿੰਦਰਪਾਲ ਕੌਰ ਕੇਕੇਯੂ, ਦਲਜੀਤ ਸਿੰਘ ਤੋਤੇਵਾਲ, ਜਸਵਿੰਦਰ ਸਿੰਘ, ਬਲਦੇਵ ਸਿੰਘ ਰਾਜੇਵਾਲ, ਬਲਕਰਨ ਸਿੰਘ, ਲਖਵਿੰਦਰ ਸਿੰਘ ਬੀਕੇਯੂ ਲੱਖੋਵਾਲ,ਸਾਧੂ ਸਿੰਘ, ਜਸਵੰਤ ਸਿੰਘ ਕਾਦੀਆਂ, ਜਗਵਿੰਦਰ ਕੌਰ, ਸਵਰਨਜੀਤ ਕੌਰ,ਆਦਿ ਕਿਸਾਨ ਹਾਜ਼ਰ ਹੋਏ।





# ਪੰਜਾਬ ਸਰਕਾਰ ਲੈਂਡ ਪੂਲਿੰਗ ਨੀਤੀ ਨੂੰ ਤੁਰੰਤ ਰੱਦ ਕਰੇ, ਨਹੀਂ ਤਾਂ ਪੰਜਾਬ ਭਰ 'ਚ ਹੋਵੇਗਾ ਜ਼ੋਰਦਾਰ ਵਿਰੋਧ : ਬਾਬਾ ਮਹਿਰਾਜ

ਨਵੀਂ ਦਿੱਲੀ, 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਬਾਬਾ ਹਰਦੀਪ ਸਿੰਘ ਮਹਿਰਾਜ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਤੁਰੰਤ ਲੈਂਡ ਪੂਲਿੰਗ ਨੀਤੀ ਨੂੰ ਰੱਦ ਕਰੇ, ਨਹੀਂ ਤਾਂ ਪੰਜਾਬ ਭਰ 'ਚ ਜ਼ੋਰਦਾਰ ਵਿਰੋਧ ਹੋਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਇਹ ਨੀਤੀ ਸੈਂਟਰ ਦੀ ਪੂਰੀ ਸਹਿਮਤੀ ਅਤੇ ਅਨੁਕੂਲਤਾ ਹੇਠ ਲਾਗੂ ਕੀਤੀ ਗਈ ਹੈ ਜੋ ਕਿ ਪੰਜਾਬ ਦੇ ਕਿਸਾਨਾਂ ਲਈ ਖਤਰਨਾਕ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਾਨ ਨੂੰ ਆਪਣੇ ਹੱਕ ਦੀ ਜ਼ਮੀਨ ਛੱਡਣ ਲਈ ਮਜਬੂਰ ਕਰਨਾ ਜਾਂ ਨੀਤੀਆਂ ਲਾਗੂ ਕਰਨਾ ਗਲਤ ਹੈ। ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ,ਸਰ ਛੋਟੂ ਰਾਮ ਦੇ ਸਮੇਂ ਇਕ ਕਾਨੂੰਨ ਹੁੰਦਾ ਸੀ ਕੇ ਕੋਈ ਵੀ ਆੜਤੀਆਂ ਜਾ ਬਾਣੀਆ ਬਕਾਲ ਕਿਸਾਨ ਦੀ ਜਮੀਨ ਨਹੀਂ ਸੀ ਖਰੀਦ ਸਕਦਾ, ਇਸ ਤਰਾਂ ਦੇ ਕਾਨੂੰਨ ਬਣਾ ਕੇ ਲਾਗੂ ਕਰਨੇ ਚਾਹੀਦੇ ਆ ਸਰਕਾਰਾਂ ਨੂੰ,ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਚਲਾਕੀ ਨਾਲ ਭਾਜਪਾ ਲਈ ਪੰਜਾਬ ਦੇ ਪਿੰਡਾਂ 'ਚ ਜੜ੍ਹਾਂ ਲਵਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਥੇ ਭਾਜਪਾ ਦੀ ਪਹੁੰਚ ਪਹਿਲਾਂ ਨਹੀਂ ਸੀ।ਉਨ੍ਹਾਂ ਦੱਸਿਆ ਕਿ ਇਕ ਪਾਸੇ ਭਾਜਪਾ ਲੈਂਡ ਪੂਲਿੰਗ ਦੇ ਵਿਰੋਧ 'ਚ ਹਿੱਸਾ ਲੈ ਰਹੀ ਹੈ, ਜਦਕਿ ਦੂਜੇ ਪਾਸੇ ਉਸ ਦੀ ਹਮਦਰਦੀ ਸਰਕਾਰ ਨਾਲ ਦੱਸੀ ਜਾ ਰਹੀ ਹੈ। ਇਹ ਦੋਵਾਂ ਪਾਰਟੀਆਂ ਵਿਚਕਾਰ ਗੱਠਜੋੜ ਦਾ ਸੰਕੇਤ ਦਿੰਦਾ ਹੈ। ਉਨ੍ਹਾਂ ਆਖਿਆ ਕਿ ਜਿੱਥੇ ਭਾਜਪਾ ਦੀ ਪਿਛਲੇ ਚੋਣਾਂ ਦੌਰਾਨ ਪਿੰਡਾਂ 'ਚ ਐਂਟਰੀ ਵੀ ਰੋਕੀ ਗਈ ਸੀ, ਉਥੇ ਹੀ ਹੁਣ ਉਸ ਦੀ ਹਮਦਰਦੀ ਨਾਲ 'ਆਪ' ਸਰਕਾਰ ਕਿਸਾਨਾਂ ਦੀ ਜ਼ਮੀਨ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ।ਜੋ ਕੇ ਸਰਾਸਰ ਪੰਜਾਬੀ ਕਿਸਾਨਾਂ ਨਾਲ ਧੋਖਾ ਹੈ, ਉਹਨਾਂ ਬੋਲਦਿਆਂ ਕਿਹਾ ਕਿ ਡੀਪ ਸਰਕਾਰ ਦੀਆਂ ਇਹਨਾਂ ਚਾਲਾਂ ਤੋਂ ਬਚਨ ਲਈ ਪੰਜਾਬ ਕੋਲ,ਪੰਜਾਬ ਦੇ ਕਿਸਾਨ ਕੋਲ, ਮਜਦੂਰ, ਵਪਾਰੀ ਵਰਗ ਕੋਲ ਇਕੋ ਇਕ ਹੱਲ ਹੈ ਪੰਜਾਬ ਦੀ ਅਜਾਦੀ, ਜਦ ਤਕ ਅਸੀਂ ਅਜਾਦ ਨਹੀਂ ਹੋ ਜਾਦੇ, ਗੁਲਾਮਾਂ ਨਾਲ ਵੱਧ ਗਿਣਤੀ ਸਰਕਾਰਾਂ ਹਮੇਸ਼ਾਂ ਇਸ ਤਰਾਂ ਹੀ ਕਰਦੀਆਂ ਹੁੰਦੀਆਂ ਨੇ, ਉਹਨਾਂ ਨੇ ਅੱਗੇ ਗੱਲ ਕਰਦਿਆ ਕਿਹਾ ਕੇ ਦੂਸਰਾ ਜੋ ਪ੍ਰਵਾਸੀ ਮਜਦੂਰ ਪੰਜਾਬ ਚ ਆਉਂਦੇ ਹਨ, ਜੀ ਸਦਕੇ ਆਉਣ, ਮੇਹਨਤ ਮਜਦੂਰੀ ਕਰਨ, ਪਰ ਉਹਨਾਂ ਦੇ ਇਥੋਂ ਦੇ ਵਸਨੀਕ ਬਣਨਾ ਅਤੇ ਘਰ ਪਲਾਟ ਖਰੀਦਣ ਤੇ ਪੂਰਨ ਪਾਬੰਦੀ ਕਰਨੀ ਚਾਹੀਦੀ, ਪ੍ਰੈਸ ਨਾਲ ਗੱਲ ਕਰਨ ਸਮੇਂ ਉਹਨਾਂ ਨਾਲ ਭਾਈ ਜੀਵਨ ਸਿੰਘ ਗਿੱਲ ਕਲਾਂ, ਭਾਈ ਰਾਮ ਸਿੰਘ ਢਪਾਲੀ, ਬਾਬਾ ਭਗਵਾਨ ਸਿੰਘ ਸੰਧੂ ਖੁਰਦ, ਤੇਜਾ ਸਿੰਘ ਲਹਿਰਾ ਮੁਹੱਬਤ, ਪੱਤਰਕਾਰ ਬਲਜਿੰਦਰ ਸਿੰਘ ਕੋਟਭਾਰਾ, ਡਾ.ਬਲਜਿੰਦਰ ਸਿੰਘ ਪੂਹਲਾ, ਬਲਕਰਨ ਸਿੰਘ ਡੱਬਵਾਲੀ, ਪ੍ਰਦੀਪ ਸਿੰਘ ਭਾਗੀ ਬਾਂਦਰ, ਬਾਬਾ ਸੁਖਪਾਲ ਸਿੰਘ ਪਾਲਾ ਅਤੇ ਹੋਰ ਹਾਜ਼ਰ ਸਨ।



# ਸ਼ਹੀਦ ਊਧਮ ਸਿੰਘ ਕਲੱਬ ਪਿੰਡ ਸੰਧੂਆਂ ਵਾਲਾ (ਮੋਗਾ) ਦੀ ਸਮੂਹ ਕਲੱਬ ਵੱਲੋਂ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਫ਼ਲਦਾਰ ਬੂਟੇ ਅਤੇ ਦਰਖਤ ਲਗਾ ਕੇ ਮਨਾਇਆ ਗਿਆ





**ਮੋਗਾ, 31 ਜੁਲਾਈ (ਆਵਾਜਿ ਕੌਮ ਬਿਊਰੋ ਰਿਪੋਰਟ)** -ਅੱਜ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਸੰਧੂਆਂ ਵਾਲਾ ਮੋਗਾ ਦੀ ਨੌਜਵਾਨ ਕਲੱਬ ਸ਼ਹੀਦੀ ਊਧਮ ਸਿੰਘ ਯੁਵਕ ਸੇਵਾਵਾਂ ਕਲੱਬ ਵੱਲੋਂ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਫ਼ਲਦਾਰ ਬੂਟੇ ਅਤੇ ਦਰਖ਼ਤ ਲਗਾਏ ਗਏ। ਅਤੇ ਸਾਨੂੰ ਬਹੁਤ ਲੋੜ ਹੈ ਅੱਜ ਦੇ ਸਮੇਂ ਵਿੱਚ ਵਾਤਾਵਰਣ ਨੂੰ ਸੰਭਾਲਣ ਦੀ ਅਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਰੱਖਣ ਦੀ, ਜਿੰਨਾ ਨੇ ਸਾਡੇ ਲਈ ਅਤੇ ਕੌਮ ਲਈ ਕੁਰਬਾਨੀਆਂ ਕੀਤੀਆਂ। ਹੁਣ ਦੇ ਸਮੇਂ ਵਿੱਚ ਸਾਨੂੰ ਦਰਖਤਾਂ ਦੀ ਸਾਂਭ ਸੰਭਾਲ ਅਤੇ ਹੋਰ ਵੀ ਵੱਧ ਤੋਂ ਵੱਧ ਦਰੱਖਤ ਲਗਾਉਣ ਦੀ ਲੋੜ ਹੈ ਕਿਉਂਕਿ ਵੱਡੇ ਹਾਈਵੇ ਬਣਾਉਣ ਨਾਲ ਬਹੁਤ ਦਰਖ਼ਤ ਕੱਟੇ ਗਏ ਸਨ, ਅਤੇ ਆਉ ਆਪਾਂ ਸਭ ਰਲ ਮਿਲ ਕੇ ਦਰਖ਼ਤ ਲਗਾਈਏ ਅਤੇ ਇਹਨਾਂ ਦੀ ਸਾਭ ਸੰਭਾਲ ਕਰੀਏ। ਇਸ ਮੌਕੇ ਹਾਜ਼ਰ ਗੁਰਪ੍ਰੀਤ ਸਿੰਘ, ਸੁਖਦੀਪ ਸਿੰਘ, ਜਗਜੀਤ ਸਿੰਘ, ਅੰਗਰੇਜ ਸਿੰਘ, ਅਕਾਸ਼ਦੀਪ ਸਿੰਘ, ਬਲਜੀਤ ਸਿੰਘ,ਹੈਵੀਪ੍ਰੀਤ ਸਿੰਘ, ਗੁਰਮੇਲ ਸਿੰਘ, ਗਗਨਦੀਪ ਸਿੰਘ, ਰਾਜਵੀਰ ਸਿੰਘ, ਪ੍ਰੀਤਮ ਸਿੰਘ, ਗਗਨਾਂ, ਮਨਪ੍ਰੀਤ ਸਿੰਘ, ਰਮਨਦੀਪ ਸਿੰਘ, ਗੁਰਵੀਰ ਸਿੰਘ, ਹਰਮਨਦੀਪ ਸਿੰਘ, ਸਤਨਾਮ ਸਿੰਘ, ਜਸਵੰਤ ਸਿੰਘ, ਕੁਲਦੀਪ ਸਿੰਘ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਮੌਕੇ ਫੜਨਵੀਸ ਸਰਕਾਰ ਦਾ ਮੀਲ ਪੱਥਰ: ਜਸਪਾਲ ਸਿੰਘ ਸਿੱਧੂ

# ਮਹਾਰਾਸ਼ਟਰ ਦੇ ਸਿਲੇਬਸ ਵਿੱਚ ਸਿੱਖ ਸ਼ਹਾਦਤ ਦੇ ਇਤਿਹਾਸ ਨੂੰ ਸ਼ਾਮਲ ਕਰਨ ਦਾ ਐਲਾਨ

☛ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਅਤੇ ਵੀ.ਸੀ. ਪ੍ਰੋ. ਰਵਿੰਦਰ ਕੁਲਕਰਨੀ ਦਾ ਸਿੱਖ ਭਾਈਚਾਰੇ ਵੱਲੋਂ ਧੰਨਵਾਦ। ☛ ਮੁੰਬਈ ਯੂਨੀਵਰਸਿਟੀ ਨੇ ਵਿਦਵਾਨਾਂ ਦੀ ਇੱਕ ਟੀਮ ਦੁਆਰਾ ਕੋਰਸ ਸਿਲੇਬਸ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਹੈ। ☛ ਗੁਰਮੁਖੀ ਲਿਪੀ, ਪੰਜਾਬੀ ਭਾਸ਼ਾ, ਸਾਹਿਤ ਅਤੇ ਇਤਿਹਾਸ 'ਤੇ ਖੋਜ ਲਈ ਕਾਲੀਨਾ ਕੈਂਪਸ ਵਿੱਚ ਪੰਜਾਬੀ ਵਿਭਾਗ ਸਥਾਪਤ ਕਰਨ ਦਾ ਵੀ ਐਲਾਨ ਕੀਤਾ ਹੈ।





**ਅੰਮ੍ਰਿਤਸਰ/ਮੁੰਬਈ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਲਈ ਇੱਕ ਇਤਿਹਾਸਕ ਦਿਨ ਹੈ। ਸਿੱਖ ਗੁਰੂਆਂ ਅਤੇ ਸ਼ਹੀਦਾਂ ਦੀ ਵਿਲੱਖਣ ਵਿਰਾਸਤ ਨੂੰ ਸਿੱਖਿਆ ਰਾਹੀਂ ਨਵੀਂ ਪੀੜ੍ਹੀ ਨੂੰ ਪ੍ਰਦਾਨ ਕਰਨ ਵੱਲ ਇੱਕ ਇਤਿਹਾਸਕ ਕਦਮ ਚੁੱਕਦੇ ਹੋਏ, ਮਹਾਰਾਸ਼ਟਰ ਸਰਕਾਰ ਨੇ ਪਾਠਕ੍ਰਮ ਵਿੱਚ ਸਿੱਖ ਸ਼ਹਾਦਤ (1500-1765) 'ਤੇ ਇੱਕ ਚੋਣਵੇਂ ਕੋਰਸ ਨੂੰ ਸ਼ਾਮਲ ਕਰਨ ਦਾ ਐਲਾਨ ਕੀਤਾ ਹੈ। ਇਹ ਪ੍ਰਕਿਰਿਆ ਮੁੰਬਈ ਯੂਨੀਵਰਸਿਟੀ ਦੇ ਵਿਦਵਾਨਾਂ ਦੀ ਇੱਕ ਟੀਮ ਦੁਆਰਾ ਬਹੁਤ ਗੰਭੀਰਤਾ ਅਤੇ ਧਿਆਨ ਨਾਲ ਤਿਆਰ ਕੀਤੀ ਜਾ ਰਹੀ ਹੈ। ਮਹਾਰਾਸ਼ਟਰ ਸਰਕਾਰ ਦਾ ਇਹ ਉਪਰਾਲਾ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੇ ਸੰਦਰਭ ਵਿੱਚ ਹੋਰ ਵੀ ਮਹੱਤਵਪੂਰਨ ਹੋ ਜਾਂਦਾ ਹੈ।

ਸਿੱਖ ਸਮਾਜ ਦੇ ਆਗੂ ਸ. ਜਸਪਾਲ ਸਿੰਘ ਸਿੱਧੂ ਨੇ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਦੀ ਅਗਵਾਈ ਹੇਠ ਮਹਾਰਾਸ਼ਟਰ ਸਿੱਖ ਸਮਾਜ ਦੀ ਤਰਫ਼ੋਂ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਅਤੇ 11 ਮੈਂਬਰੀ ਸਿੱਖ ਤਾਲਮੇਲ ਕਮੇਟੀ ਵੱਲੋਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਨੂੰ ਗੁਰੂ ਸਾਹਿਬਾਨ ਅਤੇ ਸਿੱਖ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ ਨੂੰ ਸਿੱਖਿਆ ਸਿਲੇਬਸ ਦਾ ਹਿੱਸਾ ਬਣਾਉਣ ਦੀ ਕੀਤੀ ਗਈ ਅਪੀਲ ਨੂੰ ਉਨ੍ਹਾਂ ਵੱਲੋਂ ਸਵੀਕਾਰ ਕੀਤਾ ਗਿਆ ਹੈ। ਇਹ ਕੋਰਸ ਮਹਾਰਾਸ਼ਟਰ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਕੋਰਸ ਰਾਹੀਂ ਵਿਦਿਆਰਥੀਆਂ ਨੂੰ ਸਿੱਖ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ, ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲੇਗੀ। ਇਹ ਕੋਰਸ ਨਾ ਸਿਰਫ਼ ਸਿੱਖ ਵਿਰਾਸਤ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ, ਸਗੋਂ ਮਹਾਰਾਸ਼ਟਰ ਦੇ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ, ਕੁਰਬਾਨੀ ਅਤੇ ਨੈਤਿਕ ਕਦਰਾਂ-ਕੀਮਤਾਂ ਅਤੇ ਭਾਵਨਾ ਦੀ ਮਜ਼ਬੂਤੀ ਵੱਲ ਵੀ ਉਤਸ਼ਾਹਿਤ ਕਰੇਗਾ।

ਇਸ ਬਾਰੇ ਸ. ਜਸਪਾਲ ਸਿੰਘ ਸਿੱਧੂ ਨੇ ਅੱਗੇ ਦੱਸਿਆ ਕਿ ਮਹਾਰਾਸ਼ਟਰ ਪੰਜਾਬੀ ਸਾਹਿਤ ਅਕਾਦਮੀ ਦੇ ਮੁਖੀ ਬਲ ਮਲਕੀਤ ਸਿੰਘ ਨੂੰ ਦਿੱਤੀ ਗਈ ਜਾਣਕਾਰੀ ਵਿੱਚ, ਮੁੰਬਈ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰਵਿੰਦਰ ਕੁਲਕਰਨੀ ਨੇ ਕਿਹਾ ਕਿ ਯੂਨੀਵਰਸਿਟੀ ਮਹਾਰਾਸ਼ਟਰ ਸਿੱਖ ਸਮਾਜ ਅਤੇ ਸਾਹਿਤ ਅਕਾਦਮੀ ਦੇ ਪ੍ਰਸਤਾਵ ਦਾ ਪੂਰਾ ਸਮਰਥਨ ਕਰਦੀ ਹੈ ਅਤੇ ਉਕਤ ਕੋਰਸ ਦਾ ਸਿਲੇਬਸ ਵਿਦਵਾਨਾਂ ਦੀ ਇੱਕ ਟੀਮ ਦੁਆਰਾ ਗੁਰੂ ਗੋਬਿੰਦ ਸਿੰਘ ਚੇਅਰ ਨਾਲ ਸਲਾਹ-ਮਸ਼ਵਰਾ ਕਰਕੇ ਇੱਕ ਓਪਨ ਇਲੈਕਟਿਵ ਕੋਰਸ ਵਜੋਂ ਧਿਆਨ ਨਾਲ ਤਿਆਰ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ, ਯੂਨੀਵਰਸਿਟੀ ਨੇ ਆਪਣੇ ਕਾਲੀਨਾ ਕੈਂਪਸ ਵਿੱਚ ਇੱਕ ਪੂਰਨ ਪੰਜਾਬੀ ਵਿਭਾਗ ਸਥਾਪਤ ਕਰਨ ਦੀ ਯੋਜਨਾ ਦਾ ਐਲਾਨ ਕੀਤਾ ਹੈ, ਜੋ ਗੁਰਮੁਖੀ ਲਿਪੀ, ਪੰਜਾਬੀ ਭਾਸ਼ਾ, ਸਾਹਿਤ ਅਤੇ ਇਤਿਹਾਸ 'ਤੇ ਅਕਾਦਮਿਕ ਖੋਜ ਦਾ ਕੇਂਦਰ ਬਣੇਗਾ। ਮਹਾਰਾਸ਼ਟਰ ਸਿੱਖ ਸਮਾਜ ਅਤੇ ਪੰਜਾਬੀ ਸਾਹਿਤ ਅਕਾਦਮੀ ਦੇ ਆਗੂਆਂ ਬਾਲ ਮਲਕੀਤ ਸਿੰਘ, ਜਸਪਾਲ ਸਿੰਘ ਸਿੱਧੂ, ਚਰਨਦੀਪ ਹੈਪੀ ਸਿੰਘ ਨੇ ਵੀ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਅਤੇ ਮੁੰਬਈ ਯੂਨੀਵਰਸਿਟੀ ਦਾ ਇਸ ਪੂਰੀ ਪ੍ਰਕਿਰਿਆ ਵਿੱਚ ਉਨ੍ਹਾਂ ਦੇ ਉਦਾਰ ਉਤਸ਼ਾਹ ਅਤੇ ਇਸ ਮਹੱਤਵਪੂਰਨ ਕੋਰਸ ਨੂੰ ਅੱਗੇ ਵਧਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਰਵਿੰਦਰ ਕੁਲਕਰਨੀ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਪਹਿਲ ਨਾ ਸਿਰਫ਼ ਸਿੱਖ ਗੁਰੂਆਂ ਅਤੇ ਸ਼ਹੀਦਾਂ ਦੀ ਵਿਰਾਸਤ ਦਾ ਸਨਮਾਨ ਕਰੇਗੀ ਬਲਕਿ ਭਾਰਤ ਦੇ ਬਹੁਲਤਾਵਾਦ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਇੱਕ ਮੀਲ ਪੱਥਰ ਵੀ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ

# ਸ਼ਹੀਦੀ ਦਿਹਾੜੇ ਮੌਕੇ ਸ਼ਰਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ

**ਸੰਗਰੂਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਵੱਲੋਂ ਜਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਦੇਸ਼ ਦੇ ਕੌਮੀ ਸ਼ਹੀਦ ਊਧਮ ਸਿੰਘ ਸੁਨਾਮ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਮੌਕੇ ਸਰਧਾ ਦੇ ਫੁੱਲ ਭੇਂਟ ਕਰਨ ਲਈ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਹੇਠ ਸੰਪਨ ਹੋਇਆ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ ਵਾਈਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖ਼ਾਲਸਾ, ਕਰਨੈਲ ਸਿੰਘ ਸੇਖੋਂ, ਓ.ਪੀ. ਖਿੱਪਲ, ਕਿਸ਼ੋਰੀ ਲਾਲ, ਡਾ. ਮਨਮੋਹਨ ਸਿੰਘ, ਜਨਰਲ ਸਕੱਤਰ ਕੰਵਲਜੀਤ ਸਿੰਘ, ਮੁੱਖ ਸਲਾਹਕਾਰ ਆਰ.ਐਲ.ਪਾਂਧੀ, ਮੀਤ ਪ੍ਰਧਾਨ ਰਜਿੰਦਰ ਸਿੰਘ ਚੰਗਾਲ, ਜਨਕ ਰਾਜ ਜੋਸ਼ੀ, ਰਾਜਿੰਦਰ ਗੋਇਲ, ਆਰਗੇਨੀਜ਼ਰ ਸਕੱਤਰ ਰਾਜ ਕੁਮਾਰ ਬਾਂਸਲ, ਅਸ਼ੋਕ ਡੱਲਾ, ਸਕੱਤਰ ਜਨਰਲ ਤਿਲਕ ਰਾਜ ਸਤੀਜਾ, ਨੈਸ਼ਨਲ ਅਵਾਰਡੀ ਮਾਸਟਰ ਸਤਦੇਵ ਸ਼ਰਮਾ, ਨਰਾਤਾ ਰਾਮ ਸਿੰਗਲਾ ਆਦਿ ਮੌਜੂਦ ਸਨ। ਜਨਰਲ ਸਕੱਤਰ ਕੰਵਲਜੀਤ ਸਿੰਘ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਅੱਜ ਅਸੀਂ ਦੇਸ਼ ਦੇ ਕੌਮੀ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਨ ਲਈ ਇੱਕਠੇ ਹੋਏ ਹਾਂ। ਉਨ੍ਹਾਂ ਕਿਹਾ ਕਿ ਸ਼ਹੀਦਾ ਦੀਆਂ ਕੁਰਬਾਨੀਆਂ ਸਦਕਾ ਅੱਜ ਸਾਰੇ ਅਜਾਦੀ ਦਾ ਨਿੱਘ ਮਾਨ ਰਹੇ ਹਨ ਅਤੇ ਸਾਨੂੰ ਉਨ੍ਹਾਂ ਸ਼ਹੀਦਾਂ ਵੱਲੋਂ ਦਿੱਤੇ ਗਏ ਸੰਦੇਸ਼ਾਂ ਨੂੰ ਮੰਨ ਕੇ ਕੌਮ ਅਤੇ ਦੇਸ਼ ਦੀ ਰੱਖਿਆ ਕਰਨੀ ਚਾਹੀਦੀ ਹੈ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਲੋਕਾਂ ਨੂੰ ਦੇਸ਼ ਪਿਆਰ ਅਤੇ ਦੇਸ਼ ਲਈ ਕੁਰਬਾਨ ਹੋਣ ਦੀ ਪ੍ਰੇਰਨਾ ਦਿੰਦੀ ਹੈ। ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ ਨੇ ਸਹੀਦ ਊਧਮ ਸਿੰਘ ਦੀ ਜੀਵਨੀ ਬਾਰੇ ਚਾਨਣਾ ਪਾਇਆ ਕਿ ਕਿਵੇਂ ਉਹ ਛੋਟੀ ਉਮਰ ਵਿੱਚ ਹੀ ਦੇਸ਼ ਨੂੰ ਅਜ਼ਾਦ ਕਰਵਾਉਣ ਦੇ ਸੁਪਨੇ ਵੇਖਣ ਲੱਗ ਪਏ ਸਨ। ਜਦੋਂ ਪੰਜਾਬ ਵਿੱਚ ਜਲ੍ਹਿਆਂਵਾਲੇ ਬਾਗ ਦੀ ਖ਼ੂਨੀ ਘਟਨਾ ਹੋਈ ਸੀ ਉੱਦੋਂ ਊਧਮ ਸਿੰਘ ਉੱਥੇ ਹੀ ਲੋਕਾਂ ਨੂੰ ਪਾਣੀ ਪਿਲਾ ਰਹੇ ਸਨ। ਖੂਨੀ ਘਟਨਾਂ ਨੂੰ ਦੇਖ ਕੇ ਊਧਮ ਸਿੰਘ ਨੇ ਇਸ ਘਟਨਾਂ ਦੇ ਮੁੱਖ ਦੋਸ਼ੀ ਮਾਈਕਲ ਓਡਵਾਇਰ ਨੂੰ ਮਾਰਨ ਦੀ ਸੌਂਹ ਖਾਦੀ ਅਤੇ 13 ਮਾਰਚ, 1940 ਨੂੰ ਇੰਗਲੈਂਡ ਦੇ ਕੈਕਸਟਨ ਹਾਲ (ਲੰਡਨ) ਚ ਮਾਈਕਲ ਓਡਵਾਇਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਅਤੇ ਆਪਣਾ ਬਦਲਾ ਪੂਰਾ ਕੀਤਾ। ਜਿਸਦੇ ਤਹਿਤ ਊਧਮ ਸਿੰਘ ਨੂੰ 31 ਜੁਲਾਈ, 1940 ਨੂੰ ਫ਼ਾਂਸੀ ਦੀ ਸਜਾ ਦਿੱਤੀ ਗਈ। ਸ੍ਰੀ ਗੁੱਡੂ ਵੱਲੋਂ ਅਤੇ ਮਹੇਸ਼ ਜੋਹਰ ਵੱਲੋਂ ਗਾਏ ਦੇਸ਼ ਪ੍ਰੇਮ ਦੇ ਗੀਤ "ਐ ਮੇਰੇ ਪਿਆਰ ਵਤਨ, ਐ ਮੇਰੇ ਵਿਛੜੇ ਚਮਨ ਤੁਝ ਪੇ ਦਿਲ ਕੁਰਬਾਨ" "ਕਰ ਚਲੇ ਹਮ ਫਿਦਾ ਜਾਨੋ ਤਨ ਸਾਥੀਓ, ਅਬ ਤੁਮਾਹਰੇ ਹਵਾਲੇ ਵਤਨ ਸਾਥੀਓ" ਗਾ ਕੇ ਹਾਜ਼ਰੀਨ ਨੂੰ ਦੇਸ਼ ਪ੍ਰੇਮ ਦੇ ਰੰਗ ਵਿੱਚ ਰੰਗ ਦਿੱਤਾ। ਇਸ ਸ਼ਰਧਾਂਜਲੀ ਸਮਾਗਮ ਵਿੱਚ ਬਲਦੇਵ ਰਾਜ ਮਦਾਨ, ਬਲਦੇਵ ਕ੍ਰਿਸ਼ਨ ਗਰਗ, ਡਾ. ਸੁਰਿੰਦਰ ਸ਼ੋਰੀ, ਵੈਦ ਹਾਕਮ ਸਿੰਘ, ਯੁਧੀਸ਼ਟਰ ਕੁਮਾਰ, ਅਸ਼ੋਕ ਡੱਲਾ, ਵੱਲੋਂ ਦੇਸ਼ ਭਗਤੀ ਅਤੇ ਧਾਰਮਿਕ ਗੀਤ ਗਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਸਮਾਗਮ ਦੌਰਾਨ ਭਾਰਤ ਮਾਤਾ ਕਿ ਜੈ ਅਤੇ "ਸ਼ਹੀਦਾਂ ਨੂੰ ਲਾਲ ਸਲਾਮ" ਸ਼ਹੀਦ ਊਧਮ ਸਿੰਘ ਅਮਰ ਰਹੇ ਦੇ ਨਾਅਰਿਆਂ ਨਾਲ ਤਹਿਸੀਲ ਭਵਨ ਗੂੰਜ ਉੱਠਿਆ ਅਤੇ ਸਮੂਹ ਹਾਜ਼ਰੀਨ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਫੁੱਲ ਮਾਲਾਵਾਂ ਅਤੇ ਫੁੱਲ ਭੇਂਟ ਕਰਕੇ ਸ਼ਰਧਾਂਜਲੀ ਦਿੱਤੀ ਗਈ।

**ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ - ਰਾਜ ਕੁਮਾਰ ਅਰੋੜਾ**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਜਪਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ 2 ਅਗਸਤ ਨੂੰ ਆਉਣਗੇ ਮੋਗਾ ਵਿਖੇ - ਅਨਿਲ ਸਰੀਨ, ਡਾ:ਸੀਮਾਂਤ ਗਰਗ




**ਮੋਗਾ, 31 ਜੁਲਾਈ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)** -ਭਾਰਤੀ ਜਨਤਾ ਪਾਰਟੀ ਦੇ ਪਿਛਲੇ ਦਿਨੀਂ ਕਾਰਜਕਾਰਨੀ ਪ੍ਰਧਾਨ ਨਿਯੁਕਤ ਕੀਤੇ ਗਏ ਅਸ਼ਵਨੀ ਸ਼ਰਮਾ ਪ੍ਰਧਾਨ ਨਿਯੁਕਤ ਹੋਣ ਤੋਂ ਬਾਅਦ ਐਕਟਿਵ ਨਜ਼ਰ ਆ ਰਹੇ ਹਨ। ਪੰਜਾਬ ਭਰ ਦੇ ਹਰ ਜ਼ਿਲ੍ਹੇ ਵਿਚ ਅਸ਼ਵਨੀ ਸ਼ਰਮਾ ਫੇਰੀ ਲਗਾ ਰਹੇ ਹਨ। ਜਿੱਥੇ ਵਰਕਰਾਂ ਵੱਲੋ ਅਸ਼ਵਨੀ ਸ਼ਰਮਾ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ 2 ਅਗਸਤ ਨੂੰ ਮੋਗਾ ਦੇ ਵਿੰਡਸਰ ਪੈਲੇਸ ਦੂਨੇ ਕੇ ਵਿਖੇ ਪਹੁੰਚ ਰਹੇ ਹਨ। ਅਸ਼ਵਨੀ ਸ਼ਰਮਾ ਦੇ ਮੋਗਾ ਆਗਮਨ ਨੂੰ ਲੈਕੇ ਪੰਜਾਬ ਭਾਜਪਾ ਦੇ ਸੂਬਾ ਮਹਾਮੰਤਰੀ ਅਨਿਲ ਸਰੀਨ ਬੁੱਧਵਾਰ ਨੂੰ ਮੋਗਾ ਦੇ ਜ਼ਿਲ੍ਹਾ ਭਾਜਪਾ ਦਫ਼ਤਰ ਵਿਖੇ ਪਹੁੰਚੇ। ਜਿੱਥੇ ਉਹਨਾਂ ਦਾ ਸਵਾਗਤ ਭਾਜਪਾ ਦੇ ਜਿਲਾ ਪ੍ਰਧਾਨ ਡਾਕਟਰ ਸੀਮਾਂਤ ਗਰਗ, ਪੰਜਾਬ ਭਾਜਪਾ ਭਵਨ ਨਿਰਮਾਣ ਇੰਚਾਰਜ ਮੋਹਨ ਲਾਲ ਸੇਠੀ, ਸਾਬਕਾ ਵਿਧਾਇਕ ਅਤੇ ਸੂਬਾ ਸੱਕਤਰ ਡਾਕਟਰ ਹਰਜੋਤ ਕਮਲ, ਸੂਬਾ ਉਪ ਪ੍ਰਧਾਨ ਮਹਿਲਾ ਮੋਰਚਾ ਮਨਿੰਦਰ ਕੌਰ, ਜਿਲਾ ਮਹਾਮੰਤਰੀ ਰਾਹੁਲ ਗਰਗ, ਮਹਾਮੰਤਰੀ ਵਿੱਕੀ ਸਿਤਾਰਾ, ਸਾਬਕਾ ਐੱਸ ਪੀ ਮੁਖਤਿਆਰ ਸਿੰਘ, ਸਾਬਕਾ ਜਿਲਾ ਪ੍ਰਧਾਨ ਵਿਨੇ ਸ਼ਰਮਾ, ਸਾਬਕਾ ਜਿਲਾ ਪ੍ਰਧਾਨ ਤਰਲੋਚਨ ਸਿੰਘ ਗਿੱਲ, ਸਾਬਕਾ ਜਿਲਾ ਪ੍ਰਧਾਨ ਰਾਕੇਸ਼ ਸ਼ਰਮਾ, ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਸਾਬਕਾ ਡਿਪਟੀ ਮੇਅਰ ਨਗਰ ਨਿਗਮ ਮੋਗਾ ਅਨਿਲ ਬਾਂਸਲ, ਸੀਨੀਅਰ ਆਗੂ ਰਾਕੇਸ਼ ਭੋਲਾ, ਸਾਬਕਾ ਜਿਲਾ ਪ੍ਰਧਾਨ ਵਿਜੇ ਸ਼ਰਮਾ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਐੱਸ ਸੀ ਮੋਰਚਾ ਸੂਰਜ ਭਾਨ ਮੰਡਲ ਪ੍ਰਧਾਨ ਤੇਜਵੀਰ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਭਾਜਪਾ ਦੇ ਜਿਲਾ ਕਾਰਜਕਰਤਾ ਹਾਜਿਰ ਰਹੇ। ਇਸ ਮੌਕੇ ਸੂਬਾ ਮਹਾਮੰਤਰੀ ਅਨਿਲ ਸਰੀਨ ਨੇ ਭਾਜਪਾ ਵਰਕਰਾਂ ਲਾਹੇਬੰਦ ਕਰਦੇ ਹੋਏ ਕਿਹਾ ਕਿ ਅਸ਼ਵਨੀ ਸ਼ਰਮਾ ਦੇ ਪ੍ਰਧਾਨ ਨਿਯੁਕਤ ਹੋਣ ਤੋਂ ਬਾਅਦ ਭਾਜਪਾ ਵਰਕਰਾਂ ਚ ਵਿਸ਼ੇਸ਼ ਉਤਸਾਹ ਵੇਖਣ ਨੂੰ ਮਿਲ ਰਿਹਾ ਹੈ। ਪੰਜਾਬ ਭਰ ਦੇ ਲੋਕ ਅਤੇ ਭਾਜਪਾ ਵਰਕਰ ਇੱਕਜੁਟਤਾ ਨਾਲ ਕੰਮ ਕਰ ਰਹੇ ਹਨ ਉਹਨਾ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਨੇ ਲੈਂਡ ਪੁਲਿੰਗ ਪਾਲਿਸੀ ਦੇ ਨਾਲ ਪੰਜਾਬ ਦੇ ਕਿਸਾਨਾਂ ਨਾਲ ਧੋਖਾ ਕੀਤਾ ਹੈ। ਪੰਜਾਬ ਭਾਜਪਾ ਕਿਸਾਨਾਂ ਦੀ ਇੱਕ ਇੰਚ ਜ਼ਮੀਨ ਵੀ ਆਪ ਸਰਕਾਰ ਨੂੰ ਖੋਹਣ ਨਹੀਂ ਦੇਵੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖਮੰਤਰੀ ਭਗਵੰਤ ਮਾਨ ਦਿੱਲੀ ਵਾਲਿਆਂ ਦੇ ਹੱਥੈ ਚੜੇ ਹੋਏ ਹਨ। ਕੇਜਰੀਵਾਲ ਦੇ ਕਹਿਣ ਤੇ ਕੰਮ ਕਰ ਰਹੇ ਭਗਵੰਤ ਮਾਨ ਪੰਜਾਬ ਦੇ ਕਿਸਾਨਾਂ ਅਤੇ ਲੋਕਾਂ ਨਾਲ ਧੋਖਾ ਕਰ ਰਹੇ ਹਨ। ਉਹਨਾਂ ਭਾਜਪਾ ਵਰਕਰਾਂ ਨੂੰ ਅਸ਼ਵਨੀ ਸ਼ਰਮਾ ਦੇ ਮੋਗਾ ਆਗਮਨ ਨੂੰ ਲੈਕੇ ਉਤਸਾਹ ਵਿਖਾਉਣ ਲਈ ਕਿਹਾ। ਜਿਲਾ ਪ੍ਰਧਾਨ ਡਾਕਟਰ ਸੀਮਾਂਤ ਗਰਗ ਨੇ ਦਸਿਆ ਕਿ ਪੰਜਾਬ ਭਾਜਪਾ ਦੇ ਕਾਰਜਕਾਰਨੀ ਪ੍ਰਧਾਨ ਅਸ਼ਵਨੀ ਸ਼ਰਮਾ 2 ਅਗਸਤ ਨੂੰ ਮੋਗਾ ਦੇ ਵਿੰਡਸਰ ਵਾਰਡਨ ਵਿਖੇ ਦੁਪਹਿਰ 3 ਵਜੇ ਵਰਕਰਾਂ ਨੂੰ ਸੰਬੋਧਨ ਕਰਨਗੇ। ਅਸ਼ਵਨੀ ਸ਼ਰਮਾ ਪੰਜਾਬ ਦੇ ਵਰਕਰਾਂ ਵਿਚ ਉਤਸਾਹ ਭਰ ਰਹੇ ਹਨ। ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਪੰਜਾਬ ਸੂਬੇ ਵਿਚ ਸਰਕਾਰ ਬਣਾਏਗੀ। ਉਹਨਾਂ ਕਿਹਾ ਕਿ ਮੋਗਾ ਵਿਖੇ ਅਸ਼ਵਨੀ ਸ਼ਰਮਾ ਦੇ ਆਗਮਨ ਨੂੰ ਲੈਕੇ ਵਰਕਰਾਂ ਵੱਲੋ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੰਦੀ ਸਿੰਘ ਤੁਰੰਤ ਰਿਹਾਅ ਕੀਤੇ ਜਾਣ : ਕਰਨੈਲ ਸਿੰਘ ਪੰਜੋਲੀ




ਜਦੋ ਭਾਈ ਅਮਿਰਤਪਾਲ ਸਿੰਘ ਐਮ ਪੀ ਸਮੇਤ 8 ਸਿੰਘਾ ਨੂੰ ਡਿਬਰੂਗੜ ਜੇਲ ਅਸਾਮ ਭੇਜਿਆ ਗਿਆ ਸੀ ਤਾਂ ਮੈਂ ਇਹਨਾ ਸਾਰੇ ਸਿੰਘਾ ਦੇ ਘਰ ਘਰ ਜਾ ਕੇ ਆਇਆ ਸੀ। ਮੈਨੂੰ ਕਿਸੇ ਨੇ ਕਿਹਾ ਨਹੀਂ ਸੀ ਮੇਰੇ ਮਨ ਵਿੱਚ ਆਇਆ ਕਿ ਇਹ ਸਰਕਾਰ ਦੀ ਧੱਕੇਸ਼ਾਹੀ ਹੈ ਅਤੇ ਇਹਨਾ ਪੀੜਤ ਪਰਿਵਾਰਾਂ ਨੂੰ ਮਿਲਣਾ ਚਾਹੀਦਾ ਹੈ। ਇਹ ਤੀਸਰੀ ਵਾਰ ਸੀ ਜਦੋਂ ਸਿੱਖ ਨੌਜੂਆਨਾ ਨੂੰ ਪੰਜਾਬ ਤੋ 2500 ਸੋ ਕਿਲੋਮੀਟਰ ਦੂਰ ਕਾਲੇ ਪਾਣੀ ਦੀ ਸੈਲੂਲਰ ਜੇਲ ਵਾਂਗੂ ਅਸਾਮ ਦੀ ਡਿਬਰੂਗੜ ਜੇਲ ਵਿੱਚ ਭੇਜਿਆ ਗਿਆ ਹੈ। ਪਹਿਲਾ ਸਿੱਖ, ਅਜ਼ਾਦੀ ਘੁਲਾਟੀਆਂ ਨੂੰ ਅੰਗਰੇਜ਼ ਨੇ ਕਾਲੇਪਾਣੀ ਦੀ ਸੈਲੂਲਰ ਜੇਲ ਵਿੱਚ ਨਜ਼ਰਬੰਦ ਕੀਤਾ ਸੀ। ਉਸ ਤੋ ਬਾਅਦ ਦਰਬਾਰ ਸਾਹਿਬ ਦੇ ਹਮਲੇ ਸਮੇ ਅਤੇ ਹਮਲੇ ਤੋ ਬਾਅਦ ਲਗਾਤਾਰ ਕਾਂਗਰਸ ਦੀ ਕੇਂਦਰ ਸਰਕਾਰ ਨੇ ਪੰਜਾਬ ਤੋ ਦੂਰ ਦੇਸ਼ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਕੀਤਾ ਸੀ। ਇਸੇ ਤਰਾ ਪੰਜਾਬ ਦੀ ਬਰਨਾਲਾ ਸਰਕਾਰ ਨੇ ਵੀ ਸਿੱਖ ਆਗੂਆਂ ਨੂੰ ਵੀ ਪੰਜਾਬ ਤੋ ਦੂਰ ਭਾਰਤ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਰੱਖਿਆ ਕੀਤਾ। ਹੁਣ ਇਸੇ ਤਰਾ ਦੀ ਕਾਰਵਾਈ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੇਂਦਰ ਦੀ ਬੀ ਜੇ ਪੀ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਨਾਲ ਕੀਤਾ ਹੈ। ਮੈਨੂੰ ਇਹ ਕਾਰਵਾਈ ਅੰਗਰੇਜ਼ਾਂ ਵਰਗੀ ਹੀ ਲੱਗੀ। ਮੈਂ ਇਸ ਦਾ ਉਸ ਸਮੇ ਵੀ ਵਿਰੋਧ ਕੀਤਾ ਸੀ ਅਤੇ ਅੱਜ ਵੀ ਕਰਦਾ ਹਾਂ। ਮੈਂ ਪੰਜਾਬ ਦੇ ਗਵੱਰਨਰ ਨੂੰ ਮਿਲ ਕੇ ਵੀ ਉਹਨਾ ਦੀ ਰਿਹਾਈ ਦੀ ਮੰਗ ਕਰਕੇ ਆਇਆ ਸੀ। ਮੈਂ ਗਵੱਰਨਰ ਪੰਜਾਬ ਨੂੰ ਮਿੱਲ ਕੇ ਵੀ ਆਖਿਆ ਸੀ ਅਤੇ ਅੱਜ ਵੀ ਕਹਿੰਦਾ ਹਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਪਾਰਲੀਮੈਂਟ ਵਿੱਚ ਜਾਣ ਤੋ ਰੋਕਣਾ ਲੋਕਤੰਤਰ ਦੇ ਮੱਥੇ ਉੱਤੇ ਕਲੰਕ ਹੈ ਅਤੇ ਇਸ ਨੂੰ ਲੋਕਤੰਤਰ ਨਹੀ ਬਲਕਿ ਤਾਨਾਸ਼ਾਹ ਰਾਜ ਹੀ ਕਹਿਣਾ ਚਾਹੀਦਾ ਹੈ। ਮੈਂ ਦੱਸ ਰਿਹਾ ਸੀ ਜਦੋਂ ਮੈਂ ਇਹਨਾ ਗੱਭਰੂ ਦੇ ਘਰੋਂ ਘਰੀ ਗਿਆ ਸੀ ਤਾ ਮੈਨੂੰ ਪਰਿਵਾਰਾਂ ਅਤੇ ਪਿੰਡਾਂ ਦੇ ਲੋਕਾਂ ਨੇ ਦੱਸਿਆ ਸੀ ਕਿ ਇਹ ਬੱਚੇ ਪਹਿਲਾਂ ਸਿੱਖੀ ਸਰੂਪ ਵਿੱਚ ਨਹੀਂ ਸਨ ਕੁੱਝ ਤਾ ਨਸ਼ਾ ਵੀ ਕਰਦੇ ਸਨ ਪਰਾਤੂੰ ਅੰਮ੍ਰਿਤਪਾਲ ਦੀ ਖ਼ਾਲਸਾ ਵਹੀਰ ਤੋ ਪਰੇਰਤ ਹੋ ਕੇ ਇਹਨਾ ਨੇ ਆਪ ਵੀ ਅਮਿਰਤ ਛਕਿਆ ਅਤੇ ਅਪਣੇ ਸਾਥੀਆਂ ਨੂੰ ਵੀ ਅਮਿਰਤ ਛਕਾਇਆ। ਪੰਜਾਬ ਦੀ ਹਰ ਰਾਜਨੀਤਕ ਪਾਰਟੀ ਨੇ ਅੰਮ੍ਰਿਤਪਾਲ ਸਿੰਘ ਦਾ ਵਿਰੋਧ ਇਸ ਕਰਕੇ ਕੀਤਾ ਕਿ ਉਹਨਾ ਨੂੰ ਲੱਗਦਾ ਸੀ ਕਿ ਇਹ ਨੌਜੂਆਨ ਰਾਜਨੀਤਕ ਖੇਤਰ ਵਿੱਚ ਸਾਡੇ ਪੁੱਤਰਾਂ ਧੀਆਂ ਦਾ ਰਾਹ ਰੋਕੇਗਾ ਇਹੀ ਕਾਰਨ ਸੀ ਕਿ ਕਿਸੇ ਨੇ ਵੀ ਉਸ ਦੀ ਗਿਰਫਤਾਰੀ ਦਾ ਵਿਰੋਧ ਨਹੀਂ ਕੀਤਾ, ਜਦਕਿ ਕਿ ਉਸ ਨਾਲ ਸ਼ਰੇਆਮ ਧੱਕੇਸ਼ਾਹੀ ਸੀ। ਜੋ ਉਸ ਦਾ ਗੁਨਾਹ ਸੀ ਉਸ ਦਾ ਪਰਚਾ ਅਜਨਾਲੇ ਥਾਣੇ ਵਿੱਚ ਦਰਜ ਕਰਨਾ ਚਾਹੀਦਾ ਸੀ ਅਤੇ ਉਸ ਨੂੰ ਅੰਮ੍ਰਿਤਸਰ ਦੀ ਜੇਲ ਵਿੱਚ ਬੰਦ ਕੀਤਾ ਜਾਣਾ ਚਾਹੀਦਾ ਸੀ। ਉਸ ਉੱਤੇ ਐਨ ਐਸ਼ ਏ ਲਾਉਣੀ ਬੀ ਜੇ ਪੀ ਦੀ ਫ਼ਿਰਕਾਪ੍ਰਸਤੀ ਸੋਚ ਸੀ ਅਤੇ ਅਸਾਮ ਦੀ ਡਿਬਰੂਗੜ ਜੇਲ ਵਿੱਚ ਬੰਦ ਕਰਨਾ ਸਿੱਖਾਂ ਨੂੰ ਗੁਲਾਮੀ ਦਾ ਅਹਿਸਾਸ ਕਰਾਉਣਾ ਸੀ। ਅੱਜ ਵੀ ਜੋ ਬਰਤਾਤ ਅਮਿਰਤਪਾਲ ਸਿੰਘ ਦੇ ਵਿਰੁੱਧ ਸਿਰਜਿਆ ਜਾ ਰਿਹਾ ਉਹ ਉਸ ਨੂੰ ਅੱਗੇ ਵਧਣ ਤੋ ਨਹੀਂ ਰੋਕ ਸਕਦਾ। ਮੈਂ ਧੰਨਵਾਦੀ ਹਾਂ ਖਡੂਰ ਸਾਹਿਬ ਦੇ ਲੋਕਾਂ ਦਾ ਜਿਹਨਾ ਨੇ ਸਰਕਾਰ ਦੀ ਧੱਕੇਸ਼ਾਹੀ ਦੇ ਵਿਰੁੱਧ ਲੋਕ ਫ਼ਤਵਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV